## ਅੱਜ ਦਾ ਸ਼ੁਭ ਵਿਚਾਰ



ਬੁਰੇ ਵਕਤ ਵਿੱਚ ਹਮੇਸ਼ਾ ਅਰਦਾਸ ਕਰਦੇ ਰਹੋ, ਕਿਉਂਕਿ ਜਿੱਥੋਂ ਬੰਦੇ ਦੀ ਹਿੰਮਤ ਖਤਮ ਹੁੰਦੀ ਹੈ, ਉੱਥੋਂ ਰੱਬ ਦੀ ਰਹਿਮਤ ਸ਼ੁਰੂ ਹੁੰਦੀ ਹੈ।

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 16 ਜਨਵਰੀ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 214, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




## ਵਿਦੇਸ਼ ਵਿਚ ਫਿਰੌਤੀ ਮਾਮਲੇ ਵਿੱਚ 7 ਪੰਜਾਬੀ ਗ੍ਰਿਫਤਾਰ




**ਕੈਨੇਡਾ, ਲੋਕ ਬਾਣੀ-** ਓਂਟਾਰੀਓ ਦੀ ਪੀਲ ਪੁਲੀਸ ਨੇ ਪੈਸੇ ਬਟੋਰਨ ਲਈ ਬਰੈਂਪਟਨ ਦੇ ਇੱਕ ਘਰ 'ਤੇ ਦੋ ਵਾਰ ਗੋਲੀਬਾਰੀ ਕਰਨ ਦੇ ਮਾਮਲੇ ਵਿਚ ਸੱਤ ਪੰਜਾਬੀ ਨੌਜੁਆਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ 'ਚੋਂ ਤਿੰਨ - ਮਨਪ੍ਰੀਤ ਸਿੰਘ (27), ਦਿਲਪ੍ਰੀਤ ਸਿੰਘ (23) ਤੇ ਹਰਸ਼ਦੀਪ ਸਿੰਘ (23) 'ਤੇ ਦੋਸ਼ ਹਨ ਕਿ ਉਨ੍ਹਾਂ ਨੇ ਲੰਘੀ 30 ਨਵੰਬਰ ਨੂੰ ਰਾਤ 2 ਵਜੇ ਮੌਂਟਿਨਬੈਰੀ ਰੋਡ ਉੱਤੇ ਮੈਟਿਨਿਸ਼ ਰੋਡ ਕੋਲ ਇੱਕ ਵਪਾਰੀ ਦੀ ਰਿਹਾਇਸ਼ 'ਤੇ ਗੋਲੀਆਂ ਚਲਾਈਆਂ ਤੇ ਫਰਾਰ ਹੋ ਗਏ। ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਉਨ੍ਹਾਂ ਦੀ ਪਛਾਣ ਕਰ ਕੇ ਉਨ੍ਹਾਂ ਦੀ ਰਿਹਾਇਸ਼ ਦੀ ਤਲਾਸ਼ੀ ਦੌਰਾਨ ਉੱਥੋਂ ਬੰਦੂਕ ਤੇ ਗੋਲੀ ਸਿੱਕਾ ਮਿਲਿਆ ਹੈ, ਪਰ ਮੁਲਜ਼ਮ ਉੱਥੋਂ ਫਰਾਰ ਹੋ ਚੁੱਕੇ ਸਨ।

## ਡੱਲੇਵਾਲ ਦੀ ਸਿਹਤ ਮਾਮਲੇ ਵਿੱਚ ਸੁਪਰੀਮ ਕੋਰਟ ਹੋਈ ਸਖਤ



**ਦਿੱਲੀ, ਲੋਕ ਬਾਣੀ-**ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਦੇ ਡਾਇਰੈਕਟਰ ਨੂੰ ਹੁਕਮ ਦਿੱਤਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਾਰੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀਆਂ ਗਈਆਂ ਰਿਪੋਰਟਾਂ ਦੀ ਜਾਂਚ ਕਰਨ ਲਈ ਮਾਹਿਰਾਂ ਦਾ ਇਕ ਪੈਨਲ ਕਾਇਮ ਕੀਤਾ ਜਾਵੇ। ਸਿਖਰਲੀ ਅਦਾਲਤ ਨੇ ਇਹ ਹੁਕਮ ਇਸ ਕਾਰਨ ਸੁਣਾਏ ਕਿ ਡੱਲੇਵਾਲ ਦੀ ਸਿਹਤ ਦੇ ਮਾਮਲੇ ਉਤੇ ਅੱਜ ਅਦਾਲਤ ਵਿਚ ਹੋਈ ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਦਾਅਵਾ ਕੀਤਾ ਕਿ ਕਿਸਾਨ ਆਗੂ ਦੇ ਸਿਹਤ ਮਾਪਦੰਡ ਸਥਿਰ ਹਨ ਅਤੇ ਸੁਧਾਰ ਰਹੇ ਹਨ।

## ਪੰਜਾਬ ਵਿੱਚ ਬਜ਼ੁਰਗ ਜੋੜੇ ਨਾਲ਼ ਹੋਈ 53 ਲੱਖ ਦੀ ਸਾਈਬਰ ਠੱਗੀ



**ਮੋਹਾਲੀ, ਪੰਕਜ ਰਾਜਪੂਤ--** ਕਸਬਾ ਮੁੱਲਾਂਪੁਰ ਗਰੀਬਦਾਸ ਦੇ ਇਕ ਬਜ਼ੁਰਗ ਜੋੜੇ ਨਾਲ਼ 53 ਲੱਖ ਰੁਪਏ ਦੀ ਸਾਈਬਰ ਠੱਗੀ ਦਾ ਮਾਮਲਾ ਸਾਹਮਣੇ ਆਇਆ ਹੈ। ਬਜ਼ੁਰਗ ਬਲਦੇਵ ਸਿੰਘ ਤੇ ਭੁਪਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਅਣਜਾਣ ਵਿਅਕਤੀ ਦਾ ਫੋਨ ਆਇਆ, ਜਿਸ ਵਲੋਂ ਦੱਸਿਆ ਗਿਆ ਕਿ ਉਨ੍ਹਾਂ ਦੇ ਆਧਾਰ ਕਾਰਡ ਉਤੇ ਕਿਸੇ ਵਲੋਂ ਕੋਈ ਮੁੰਬਈ ਚ ਅਕਾਊਂਟ ਖੁੱਲ੍ਹਵਾਇਆ ਗਿਆ ਹੈ, ਜਿਸ ਵਿਚ ਮਨੀ ਲਾਂਡਰਿੰਗ ਦਾ ਤਕਰੀਬਨ 7 ਕਰੋੜ ਰੁਪਿਆ ਜਮ੍ਹਾ ਹੋਇਆ ਹੈ। ਜੇਕਰ ਤੁਸੀਂ ਇਸ ਮਾਮਲੇ ਤੋਂ ਬਚਣਾ ਚਾਹੁੰਦੇ ਹੋ

## ਪੱਤਰਕਾਰ ਦੀ ਨਿਯੁਕਤੀ



ਰੋਜ਼ਾਨਾ ਲੋਕ ਬਾਣੀ ਅਖ਼ਬਾਰ ਵੱਲੋਂ ਨਰੇਸ਼ ਹੰਸ ਨੂੰ ਲੁਧਿਆਣਾ ਤੋਂ ਪੱਤਰਕਾਰ ਦੀ ਨਿਯੁਕਤੀ ਕੀਤੀ ਜਾਂਦੀ ਹੈ । ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ।

ਮੋ - 94170 08693

## ਮਰਨ ਵਰਤ ਤੇ ਬੈਠਣ ਵਾਲੇ ਕਿਸਾਨਾਂ ਲਈ ਟੈਂਟ ਲੱਗਣੇ ਹੋਏ ਸ਼ੁਰੂ



**ਪਟਿਆਲਾ, ਲੋਕ ਬਾਣੀ--**ਢਾਬੀਗੁੱਜਰਾਂ ਖਨੌਰੀ ਬੈਰੀਅਰ ਉੱਪਰ ਅੱਜ ਮਰਨ ਵਰਤ ਉੱਤੇ ਬੈਠੇ ਕਿਸਾਨਾਂ ਦੇ ਜਥੇ ਨੂੰ ਠੰਡ ਤੋਂ ਬਚਾਉਣ ਲਈ ਟੈਂਟ ਲਾਇਆ ਜਾ ਰਿਹਾ ਹੈ। ਅੰਦੋਲਨਕਾਰੀ ਕਿਸਾਨਾਂ ਵਲੋਂ ਲਾਏ ਜਾ ਰਹੇ ਟੈਂਟ ਵਿਚ ਹੀ ਮਰਨ ਵਰਤ ਉੱਤੇ ਬੈਠੇ ਕਿਸਾਨਾਂ ਦਾ ਜਥਾ ਆਪਣਾ ਮਰਨ ਵਰਤ ਦਿਨ- ਰਾਤ ਜਾਰੀ ਰੱਖੇਗਾ। ਖਨੌਰੀ ਸਰਹੱਦ ਤੇ 111 ਕਿਸਾਨਾਂ ਦਾ ਜੱਥਾ ਕਾਲੇ ਕੱਪੜੇ ਪਾ ਕੇ ਮਰਨ ਵਰਤ ਉੱਤੇ ਬੈਠ ਗਿਆ ਹੈ। ਇਹ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦੇ ਸਮਰਥਨ ਵਿੱਚ ਆਏ ਹਨ।

## ਪਟਵਾਰੀ ਦੀ ਕਰਤੂਤ 20 ਹਜ਼ਾਰ ਰਿਸ਼ਵਤ ਲੈਂਦਾ ਕਾਬੂ



ਪਟਵਾਰੀ ਨੂੰ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਗਿਆ ਹੈ।

**ਅੰਮ੍ਰਿਤਸਰ, ਲੋਕ ਬਾਣੀ--**ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਤਹਿਸੀਲ ਲੋਪੋਕੇ ਦੇ ਪਟਵਾਰਖਾਨੇ ਵਿਚ ਤਾਇਨਾਤ ਚੋਗਾਵਾਂ ਦੇ ਇਕ ਪਟਵਾਰੀ ਨੂੰ 20 ਹਜ਼ਾਰ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਵਿਜੀਲੈਂਸ ਇੰਸਪੈਕਟਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਪਿੰਡ ਕੋਹਾਲਾ ਦੇ ਇਕ ਵਿਅਕਤੀ ਦੀ ਸ਼ਿਕਾਇਤ ਦੇ ਆਧਾਰ ਉਤੇ ਉਕਤ

## ਜਲੰਧਰ ਪੁਲਿਸ ਦੇ ਦਾਅਵੇ ਖੋਖਲੇ ਹੋਈ ਪਿਸਤੌਲ ਦੀ ਨੋਕ ਤੇ ਲੁੱਟ



**ਜਲੰਧਰ, ਵਿਸ਼ਾਲ ਸ਼ੈਲੀ-**ਹਲਕਾ ਆਦਮਪੁਰ ਅਧੀਨ ਆਉਂਦੇ ਜਲੰਧਰ-ਜੰਮੂ ਨੈਸ਼ਨਲ ਹਾਈਵੇ ਉਤੇ ਪਿੰਡ ਨਿਜ਼ਾਮਦੀਨਪੁਰ ਦੇ ਪੈਟਰੋਲ ਪੰਪ ਨੂੰ ਨਕਾਬਪੋਸ਼ ਲੁਟੇਰਿਆਂ ਨੇ ਨਿਸ਼ਾਨਾ ਬਣਾਇਆ ਤੇ ਫਾਇਰਿੰਗ ਕਰਕੇ ਲੁੱਟ-ਖੋਹ ਕੀਤੀ। ਸਾਰੀ ਘਟਨਾ ਸੀ.ਸੀ.ਟੀ.ਵੀ. ਵਿਚ ਕੈਦ ਹੋ ਗਈ। ਜਲੰਧਰ ਦਿਹਾਤੀ ਪੁਲਿਸ ਵਲੋਂ ਚੋਰਾਂ ਦੀ ਭਾਲ ਕੀਤੀ ਜਾ ਰਹੀ ਹੈ। ਪੁਲਿਸ ਕੈਮਰੇ ਅੱਗੇ ਆਉਣ ਤੋਂ ਕਤਰਾ ਰਹੀ ਹੈ। ਪੈਟਰੋਲ ਪੰਪ ਮਾਲਕ ਪੁਸ਼ਪਿੰਦਰ ਸਿੰਘ ਨੇ ਦਿਨ-ਰਾਤ ਚੱਲਣ ਵਾਲੇ ਪੈਟਰੋਲ ਪੰਪਾਂ ਨੂੰ ਪ੍ਰਸ਼ਾਸਨ ਕੋਲੋਂ ਸਕਿਓਰਿਟੀ ਦੀ ਮੰਗ ਕੀਤੀ ਹੈ ਕਿਉਂਕਿ ਲਗਾਤਾਰ ਇਸ ਤਰੀਕੇ ਦੀਆਂ ਵਾਰਦਾਤਾਂ ਆਏ ਦਿਨ ਵਾਪਰ ਰਹੀਆਂ ਹਨ।

## ਸੂਬੇ ਚ ਸੰਯੁਕਤ ਕਿਸਾਨ ਮੋਰਚੇ ਨੇ ਕੀਤੀ ਪ੍ਰੈਸ ਕਾਨਫਰੰਸ



**ਲੁਧਿਆਣਾ, ਸੁਖਚੈਨ ਮਹਿਰਾ-**ਲੁਧਿਆਣਾ ਦੇ ਬੱਸ ਸਟੈਂਡ ਨਜ਼ਦੀਕ ਸਥਿਤ ਈਸੜੂ ਭਵਨ ਵਿਖੇ ਸੰਯੁਕਤ ਕਿਸਾਨ ਮੋਰਚੇ ਵਲੋਂ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਕਿਸਾਨ ਮੋਰਚੇ ਦੇ ਕਈ ਸੀਨੀਅਰ ਆਗੂ ਮੌਜੂਦ ਰਹੇ। ਮੀਟਿੰਗ ਤੋਂ ਬਾਅਦ ਕਿਸਾਨ ਮੋਰਚੇ ਵਲੋਂ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ 26 ਜਨਵਰੀ ਨੂੰ ਉਹ ਦੇਸ਼ ਭਰ ਵਿਖੇ ਟਰੈਕਟਰ ਮਾਰਚ ਕਰਨਗੇ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ ਪਰ ਸਰਕਾਰਾਂ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਦੇਣ ਨੂੰ ਬਿਲਕੁਲ ਹੀ ਤਿਆਰ ਨਹੀਂ।

## ਸਾਬਕਾ ਮੁੱਖ ਮੰਤਰੀ ਮਾਇਆਵਤੀ ਨੂੰ ਯੂਪੀ 'ਚ ਆਪਣੇ ਬੁੱਤ ਲਾਉਣ ਦੇ ਮਾਮਲੇ ਵਿਚ ਰਾਹਤ



**ਨਵੀਂ ਦਿੱਲੀ (ਲੋਕ ਬਾਣੀ)--**ਸੁਪਰੀਮ ਕੋਰਟ ਨੇ 'ਬਸਪਾ' ਸੁਪਰੀਮੋ ਤੇ ਸਾਬਕਾ ਮੁੱਖ ਮੰਤਰੀ ਮਾਇਆਵਤੀ ਨੂੰ ਅੱਜ ਵੱਡੀ ਰਾਹਤ ਦਿੰਦਿਆਂ 2009 ਵਿੱਚ ਦਾਇਰ ਇੱਕ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ ਜਿਸ ਵਿੱਚ ਯੂਪੀ ਸਰਕਾਰ ਦੇ ਬਜਟ ਵਿੱਚੋਂ ਪਾਰਟੀ ਦੇ ਚੋਣ ਨਿਸ਼ਾਨ 'ਹਾਥੀ' ਦੀਆਂ ਮੂਰਤੀਆਂ ਲਗਾਉਣ ਅਤੇ ਨਿੱਜੀ ਮਹਿਮਾ ਲਈ ਖ਼ੁਦ ਦੇ ਬੁੱਤ ਲਾਉਣ 'ਤੇ 2,000 ਕਰੋੜ ਰੁਪਏ ਤੋਂ ਵੱਧ ਦੇ ਕਥਿਤ ਖਰਚ ਦੀ ਜਾਂਚ ਮੰਗੀ ਗਈ ਸੀ। ਇਹ ਰਕਮ ਉਦੋਂ ਖਰਚੀ ਗਈ ਸੀ ਜਦੋਂ ਮਾਇਆਵਤੀ ਯੂਪੀ ਦੀ ਮੁੱਖ ਮੰਤਰੀ ਸੀ। ਮਾਇਆਵਤੀ ਨੂੰ ਇਹ ਰਾਹਤ ਅੱਜ ਉਨ੍ਹਾਂ ਦੇ 69ਵੇਂ ਜਨਮ ਦਿਨ ਮੌਕੇ ਮਿਲੀ ਹੈ।




**ਪੱਤਰਕਾਰਾਂ ਲਈ ਸੁਨਹਿਰਾ ਮੌਕਾ**

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਹਰਿਆਣਾ ਭਾਜਪਾ ਪ੍ਰਧਾਨ ਗੈਂਗਰੇਪ ਮਾਮਲਾ, ਪੀੜਤ ਮਹਿਲਾ ਦੀ ਸਹੇਲੀ ਆਈ ਸਾਹਮਣੇ, ਕਿਹਾ- ਸਾਰਾ ਮਾਮਲਾ ਝੂਠਾ, ਮੇਰੇ ਸਾਹਮਣੇ ਕੁਝ ਨਹੀਂ ਹੋਇਆ...

(ਲੋਕ ਬਾਣੀ)- ਹਰਿਆਣਾ ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਬੜੋਲੀ ਅਤੇ ਗਾਇਕ ਰੌਕੀ ਮਿੱਤਲ ਖਿਲਾਫ ਦਰਜ ਹੋਏ ਸਮੂਹਿਕ ਬਲਾਤਕਾਰ ਦੇ ਮਾਮਲੇ ਦਾ ਗਵਾਹ ਮੀਡੀਆ ਸਾਹਮਣੇ ਆ ਗਿਆ ਹੈ। ਪੀੜਤ ਮਹਿਲਾ ਦੀ ਸਹੇਲੀ , ਜਿਸ ਨੇ ਪੰਚਕੂਲਾ ਚ ਪ੍ਰੈੱਸ ਕਾਨਫਰੰਸ ਚ ਦੱਸਿਆ ਕਿ ਮੈਂ ਅਤੇ ਮੇਰੀ ਦੋਸਤ (ਪੀੜਤ) ਮਨਾਲੀ ਸੈਰ ਕਰਨ ਗਏ ਸੀ। ਮੈਂ ਦਿੱਲੀ ਦਾ ਵਾਸੀ ਹਾਂ। ਮੇਰੇ ਸਾਹਮਣੇ ਕੁਝ ਨਹੀਂ ਹੋਇਆ। ਅਸੀਂ ਸੈਰ ਕਰਨ ਗਏ। ਅਸੀਂ ਉੱਥੇ ਰੌਕੀ ਮਿੱਤਲ ਨੂੰ ਮਿਲੇ। ਮੋਹਨ ਲਾਲ ਬਰੋਲੀ ਦਾ ਨਾਂ ਕੇਸ ਵਿੱਚ ਹੈ, ਪਰ ਮੈਂ ਉਸ ਨੂੰ ਨਹੀਂ ਜਾਣਦੀ । ਰੌਕੀ ਮਿੱਤਲ ਦਾ ਨਾਂ ਸੁਣਿਆ ਸੀ। ਉਸ ਦੇ ਗੀਤ ਯੂ-ਟਿਊਬ ਤੇ ਮੌਜੂਦ ਹਨ। ਕੁਝ ਸਮਾਂ ਉਸ ਨਾਲ ਗੱਲ ਕੀਤੀ। ਥੋੜ੍ਹੀ ਜਿਹੀ ਗੱਲ ਹੋਈ । ਮੋਹਨ ਲਾਲ ਬੜੋਲੀ ਦਾ ਨਾਂ ਹੀ ਸੁਣਿਆ ਹੈ। ਮੈਂ ਉਸਨੂੰ



ਹੋਟਲ ਵਿੱਚ ਨਹੀਂ ਦੇਖਿਆ।

ਮਹਿਲਾ ਨੇ ਕਿਹਾ ਕਿ ਉਹ (ਪੀੜਤ) 2023 ਦੀ ਸ਼ੁਰੂਆਤ ਵਿੱਚ ਉਸ ਦੀ ਦੋਸਤ ਬਣ ਗਈ ਸੀ। ਮੈਂ ਉਸਨੂੰ ਪੁੱਛਿਆ ਕਿ ਉਸਨੇ ਮੈਨੂੰ ਗਵਾਹ ਕਿਉਂ ਬਣਾਇਆ। ਇਸ ਤੇ ਉਹ ਮੇਰੇ ਘਰ ਆਈ ਅਤੇ ਰੋਣ-ਕੁੱਟਣ ਲੱਗੀ । ਮੇਰਾ ਉਨ੍ਹਾਂ ਨਾਲ ਕੋਈ ਸਬੰਧ ਨਹੀਂ ਹੈ। ਸਮੂਹਿਕ ਬਲਾਤਕਾਰ ਦਾ ਮਾਮਲਾ ਝੂਠਾ ਹੈ।

ਦੱਸ ਦਈਏ ਕਿ ਹਿਮਾਚਲ ਦੇ ਕਸੌਲੀ ਚ ਦਰਜ ਹੋਏ ਸਮੂਹਿਕ ਬਲਾਤਕਾਰ ਦੇ ਮਾਮਲੇ ਚ ਪੀੜਤ ਔਰਤ ਨੇ ਦਾਅਵਾ ਕੀਤਾ ਸੀ ਕਿ ਜਦੋਂ ਹੋਟਲ ਰੋਜ਼ ਕਾਮਨ ਚ ਉਸ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ ਸੀ, ਉਸ ਸਮੇਂ ਇਹੀ ਸਹੇਲੀ ਵੀ ਉਸੇ ਕਮਰੇ ਚ ਮੌਜੂਦ ਸੀ। 13 ਦਸੰਬਰ 2024 ਨੂੰ ਹਿਮਾਚਲ ਦੇ ਕਸੌਲੀ ਥਾਣੇ ਵਿੱਚ ਬੜੌਲੀ (61) ਅਤੇ ਗਾਇਕ ਰੌਕੀ ਮਿੱਤਲ ਖ਼ਿਲਾਫ਼ ਸਮੂਹਿਕ ਬਲਾਤਕਾਰ ਦਾ ਮਾਮਲਾ ਦਰਜ ਕੀਤਾ ਗਿਆ ਸੀ। ਔਰਤ ਦਾ ਦੋਸ਼ ਹੈ ਕਿ 3 ਜੁਲਾਈ 2023 ਨੂੰ ਉਸ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ ਸੀ।

# ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਨਸ਼ਿਆ ਦੀ ਤਸਕਰੀ ਦੇ ਨੈੱਟਵਰਕ ਦਾ ਕੀਤਾ ਪਰਦਾਫਾਸ਼; 5 ਕਿਲੋ ਹੈਰੋਇਨ ਸਮੇਤ ਮੁੱਖ ਸਰਗਨਾ ਕਾਬੂ

ਚੰਡੀਗੜ੍ਹ/ਤਰਨਤਾਰਨ, (ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਨਸ਼ਿਆਂ ਵਿਰੁੱਧ ਜਾਰੀ ਜੰਗ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਤਰਨਤਾਰਨ ਪੁਲਿਸ ਨੇ ਪਾਕਿਸਤਾਨ ਤੋਂ ਹਮਾਇਤ ਪ੍ਰਾਪਤ ਨਸ਼ਾ ਤਸਕਰੀ ਕਾਰਟਲ ਦਾ ਪਰਦਾਫਾਸ਼ ਕਰਦਿਆਂ 5 ਕਿਲੋ ਹੈਰੋਇਨ ਸਮੇਤ ਗਿਰੋਹ ਦੇ ਮੁੱਖ ਸਰਗਨੇ ਨੂੰ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਉਹਨਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਸ਼ਪਾਲ ਸਿੰਘ ਵਜੋਂ ਹੋਈ ਹੈ, ਜੋ ਕਿ ਤਰਨਤਾਰਨ ਦੇ ਪਿੰਡ ਭਾਈ ਲੱਧੂ ਦਾ ਰਹਿਣ ਵਾਲਾ ਹੈ। ਹੈਰੋਇਨ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਉਕਤ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰਾਂ ਦੇ ਸਿੱਧੇ ਸੰਪਰਕ ਵਿੱਚ ਸੀ ਅਤੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਪਾਕਿਸਤਾਨ-ਅਧਾਰਤ ਤਸਕਰ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਡਰੋਨ ਦੀ ਵਰਤੋਂ ਕਰ ਰਹੇ ਸਨ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਆਗਾਮੀ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।




ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਤਰਨਤਾਰਨ ਅਭਿਮਨਿਊ ਰਾਣਾ ਨੇ ਕਿਹਾ ਕਿ ਭਰੋਸੇਯੋਗ ਜਾਣਕਾਰੀ ਤੇ ਕਾਰਵਾਈ ਕਰਦਿਆਂ ਐਸਪੀ (ਡੀ) ਅਜੈਰਾਜ ਸਿੰਘ, ਡੀਐਸਪੀ (ਡੀ) ਰਾਜਿੰਦਰ ਮਿਨਹਾਸ ਅਤੇ ਡੀਐਸਪੀ ਸਰਬਜੀਤ ਸਿੰਘ ਬਾਜਵਾ ਦੀ ਨਿਗਰਾਨੀ ਹੇਠ ਸੀਆਈਏ ਸਟਾਫ ਦੇ ਇੰਚਾਰਜ ਇੰਸਪੈਕਟਰ ਅਮਨਦੀਪ ਸਿੰਘ ਦੀ ਅਗਵਾਈ ਵਿੱਚ ਪੁਲਿਸ ਟੀਮ ਨੇ ਆਪ੍ਰੇਸ਼ਨ ਚਲਾਇਆ ਅਤੇ ਪਿੰਡ ਭਾਈ ਲੱਧੂ ਦੇ ਖੇਤਰ ਵਿੱਚੋਂ 5 ਕਿਲੋ ਹੈਰੋਇਨ ਸਮੇਤ ਰਸ਼ਪਾਲ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ।

ਐਸਐਸਪੀ ਨੇ ਕਿਹਾ ਕਿ ਸਪਲਾਇਰਾਂ, ਡੀਲਰਾਂ ਅਤੇ ਖਰੀਦਦਾਰਾਂ ਦੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਦੇ ਨਾਲ-ਨਾਲ ਗ੍ਰਿਫ਼ਤਾਰ ਵਿਅਕਤੀ ਦੁਆਰਾ ਹੁਣ ਤੱਕ ਖਰੀਦੇ ਗਏ ਨਸ਼ਿਆਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਲਈ ਯਤਨ ਜਾਰੀ ਹਨ।

ਇਸ ਸਬੰਧੀ ਥਾਣਾ ਸਦਰ ਪੱਟੀ, ਤਰਨਤਾਰਨ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21(ਸੀ) ਤਹਿਤ ਐਫਆਈਆਰ ਨੰਬਰ 06 ਮਿਤੀ 15 ਜਨਵਰੀ, 2025 ਨੂੰ ਦਰਜ ਕੀਤੀ ਗਈ ਹੈ।

# ਭਾਰਤੀ ਮਹਿਲਾ ਨੇ ਆਇਰਲੈਂਡ ਨੂੰ 304 ਦੌੜਾਂ ਨਾਲ ਹਰਾਇਆ, ਟੀਮ ਦੀ ਸਭ ਤੋਂ ਵੱਡੀ ਜਿੱਤ, ਸੀਰੀਜ਼ ਕੀਤੀ ਆਪਣੇ ਨਾਂ

ਨਵੀਂ ਦਿੱਲੀ (ਲੋਕ ਬਾਣੀ)- ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਬੁੱਧਵਾਰ ਨੂੰ ਰਾਜਕੋਟ ਚ ਆਇਰਲੈਂਡ ਖਿਲਾਫ ਤੀਜਾ ਵਨਡੇ 304 ਦੌੜਾਂ ਨਾਲ ਜਿੱਤ ਲਿਆ। ਇਸ ਨਾਲ ਭਾਰਤ ਨੇ ਤਿੰਨ ਮੈਚਾਂ ਦੀ ਸੀਰੀਜ਼ 3-0 ਨਾਲ ਜਿੱਤ ਲਈ ਹੈ। ਦੌੜਾਂ ਦੇ ਲਿਹਾਜ਼ ਨਾਲ ਟੀਮ ਦੀ ਇਹ ਸਭ ਤੋਂ ਵੱਡੀ ਜਿੱਤ ਹੈ। ਪਿਛਲਾ ਰਿਕਾਰਡ 249 ਦੌੜਾਂ ਦਾ ਸੀ, ਜਦੋਂ ਟੀਮ ਨੇ 2017 ਚ ਆਇਰਲੈਂਡ ਨੂੰ ਹਰਾਇਆ ਸੀ।ਟੀਮ ਨੇ ਇਸ ਮੈਚ ਵਿੱਚ ਆਪਣਾ ਸਭ ਤੋਂ ਵੱਡਾ ਸਕੋਰ ਬਣਾਇਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 50 ਓਵਰਾਂ ਚ 5 ਵਿਕਟਾਂ ਤੇ ਰਿਕਾਰਡ 435 ਦੌੜਾਂ ਬਣਾਈਆਂ। ਤਿੰਨ ਦਿਨ ਪਹਿਲਾਂ ਭਾਰਤ ਨੇ ਆਇਰਲੈਂਡ ਖ਼ਿਲਾਫ਼ 370 ਦੌੜਾਂ ਬਣਾਈਆਂ ਸਨ।




ਇਹ ਮਹਿਲਾ ਵਨਡੇ ਕ੍ਰਿਕਟ ਚ ਚੌਥਾ ਸਭ ਤੋਂ ਵੱਡਾ ਸਕੋਰ ਹੈ। ਸਭ ਤੋਂ ਵੱਧ ਸਕੋਰ ਦਾ ਰਿਕਾਰਡ ਨਿਊਜ਼ੀਲੈਂਡ ਦੇ ਨਾਂ ਹੈ। ਕੀਵੀ ਟੀਮ ਨੇ 2018 ਵਿੱਚ ਆਇਰਲੈਂਡ ਖ਼ਿਲਾਫ਼ 491 ਦੌੜਾਂ ਬਣਾਈਆਂ ਸਨ। ਦੂਜੇ ਪਾਸੇ ਕਪਤਾਨ ਸਮ੍ਰਿਤੀ ਮੰਧਾਨਾ ਨੇ 70 ਗੇਂਦਾਂ ਵਿੱਚ ਸੈਂਕੜਾ ਜੜਿਆ। ਉਹ ਵਨਡੇ ਚ ਸਭ ਤੋਂ ਤੇਜ਼ ਸੈਂਕੜਾ ਲਗਾਉਣ ਵਾਲੀ ਭਾਰਤ ਦੀ ਮਹਿਲਾ ਕ੍ਰਿਕਟਰ ਬਣ ਗਈ ਹੈ। ਸਮ੍ਰਿਤੀ ਨੇ 80 ਗੇਂਦਾਂ ਤੇ 135 ਦੌੜਾਂ ਦੀ ਪਾਰੀ ਖੇਡੀ।

# ਚਲਦੀ ਬੱਸ ਚੋਂ ਡਿੱਗੀਆਂ ਮਾਂਵਾਂ-ਧੀਆਂ, ਮਾਂ ਦੀ ਮੌਤ, ਬੱਚੀ ਦੀ ਹਾਲਤ ਗੰਭੀਰ, ਕੰਡਕਟਰ ਤੇ ਇਲਜ਼ਾਮ



(ਲੋਕ ਬਾਣੀ) ਸੰਗਰੂਰ ਦੇ ਧੂਰੀ ਦੇ ਪਿੰਡ ਕਾਤਰੋਂ ਚ ਰੂਹ ਕੰਬਾਊ ਦੁਰਘਟਨਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਖ਼ੌਫ਼ਨਾਕ ਘਟਨਾ ਵਿੱਚ ਚਲਦੀ ਬੱਸ ਵਿਚੋਂ ਮਾਂਵਾਂ-ਧੀਆਂ ਦੇ ਡਿੱਗ ਗਈਆਂ, ਜਿਸ ਦਾਰਨ ਮਾਂ ਦੀ ਮੌਤ ਹੋ ਗਈ, ਜਦਕਿ ਧੀ ਜ਼ਖ਼ਮੀ ਹੋ ਗਈ, ਜਿਸ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

ਮ੍ਰਿਤਕ ਦੇ ਪਤੀ ਨੇ ਕਿਹਾ ਕਿ ਉਹ ਆਪਣੇ ਬੱਚਿਆਂ ਅਤੇ ਪਤਨੀ ਸਮੇਤ ਪਿੰਡ ਸੰਘੇੜਾ ਤੋਂ ਨਾਭਾ ਜਾ ਰਿਹਾ ਸੀ। ਇਸ ਦੌਰਾਨ ਉਹ ਸਰਕਾਰੀ ਪੀਆਰਟੀਸੀ ਦੀ ਬੱਸ ਵਿੱਚ ਸਵਾਰ ਸਨ। ਪੀੜਤ ਨੇ ਦੱਸਿਆ ਕਿ ਉਹ ਧੂਰੀ ਨਜ਼ਦੀਕ ਪਿੰਡ ਕਾਤਰੋਂ ਕੋਲ ਪਹੁੰਚੇ ਤਾਂ ਬੱਸ ਦੇ ਡਰਾਈਵਰ ਨੇ ਅਣਗਹਿਲੀ ਨਾਲ ਬੱਸ ਚਲਾਉਂਦੇ ਹੋਏ ਮੋੜ ਤੇ ਇਕਦਮ ਤੇਜ਼ੀ ਨਾਲ ਕੱਟ ਮਾਰਿਆ, ਜਿਸ ਕਾਰਨ ਉਸ ਦੀ ਪਤਨੀ ਤੇ ਬੱਚੀ ਬੱਸ ਦੀ ਤਾਕੀ ਵਿਚੋਂ ਬਾਹਰ ਜਾ ਡਿੱਗੀਆਂ। ਨਤੀਜੇ ਵੱਜੋਂ ਉਸ ਦੀ ਪਤਨੀ ਜਿਨਾ ਦੀ ਸਿਰ ਵਿੱਚ ਸੱਟਾਂ ਲੱਗਣ ਕਾਰਨ ਮੌਕੇ ਤੇ ਹੀ ਮੌਤ ਹੋ ਗਈ ਹੈ ਅਤੇ ਬੱਚੀ ਦੇ ਕਾਫੀ ਸੱਟਾਂ ਲੱਗੀਆਂ ਹਨ, ਜਿਸ ਨੂੰ ਇਲਾਜ ਲਈ ਹਸਪਤਾਲ ਵਿਖੇ ਭਰਤੀ ਕਰਵਾ ਦਿੱਤਾ ਗਿਆ ਹੈ।

ਉਧਰ, ਦੂਜੇ ਪਾਸੇ ਬਸ ਦੇ ਕੰਡਕਟਰ ਨੇ ਇਲਜ਼ਾਮ ਨਕਾਰਦੇ ਹੋਏ ਕਿਹਾ ਕਿ ਧੁੰਦ ਕਾਰਨ ਬਸ ਹੌਲੀ ਸੀ। ਇਸ ਦੌਰਾਨ ਬੱਚੇ ਨੂੰ ਉਲਟੀ ਕਰਵਾਉਂਦੇ ਹੋਏ ਇਹ ਹਾਦਸਾ ਵਾਪਰਿਆ ਹੈ।

ਘਟਨਾ ਦਾ ਪਤਾ ਲੱਗਣ ਤੇ ਥਾਣਾ ਸਦਰ ਪੁਲਿਸ ਵੀ ਮੌਕੇ ਤੇ ਪਹੁੰਚੀ ਹੋਈ ਸੀ ਅਤੇ ਜਾਂਚ ਕੀਤੀ ਜਾ ਰਹੀ ਹੈ।

# ਮੋਟਰਸਾਈਕਲ ਸਵਾਰ ਦੋ ਨਕਾਬਪੋਸ਼ਾਂ ਨੇ ਔਰਤ ਤੋਂ 6 ਲੱਖ ਰੁਪਏ ਲੁੱਟੇ



(ਲੋਕ ਬਾਣੀ)-ਕੋਟਕਪੂਰਾ ਵਿੱਚ ਬੁੱਧਵਾਰ ਸਵੇਰੇ ਇੱਕ ਘਟਨਾ ਸਾਹਮਣੇ ਆਈ ਹੈ ਜਿੱਥੇ ਮੁੱਖ ਬੱਸ ਸਟੈਂਡ ਦੇ ਬਾਹਰ ਮੋਟਰਸਾਈਕਲ ਤੇ ਸਵਾਰ ਦੋ ਨਕਾਬਪੋਸ਼ ਨੌਜਵਾਨਾਂ ਨੇ ਇੱਕ ਔਰਤ ਤੋਂ ਲਗਭਗ 6 ਲੱਖ ਰੁਪਏ ਦੀ ਨਕਦੀ ਅਤੇ ਹੋਰ ਦਸਤਾਵੇਜ਼ਾਂ ਵਾਲਾ ਪਰਸ ਖੋਹ ਲਿਆ।

ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਕੋਟਕਪੂਰਾ ਸਿਟੀ ਥਾਣਾ ਪੁਲਿਸ ਮੌਕੇ ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ ਅਤੇ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਪੰਜਾਬ ਨੈਸ਼ਨਲ ਬੈਂਕ ਦੇ ਸੇਵਾਮੁਕਤ ਮੈਨੇਜਰ ਵਿਜੇ ਅਰੋੜਾ ਆਪਣੀ ਪਤਨੀ ਸੁਨੀਤਾ ਨਾਲ ਮੋਹਾਲੀ ਦੇ ਫੋਰਟਿਸ ਹਸਪਤਾਲ ਦਵਾਈ ਲੈਣ ਗਏ ਸਨ। ਉੱਥੋਂ, ਉਸਨੂੰ ਪਟਿਆਲਾ ਵਿੱਚ ਖਰੀਦੇ ਗਏ ਘਰ ਦੀ ਰਜਿਸਟਰੀ ਵੀ ਕਰਵਾਉਣੀ ਪਈ, ਜਿਸ ਲਈ ਉਹ ਆਪਣੇ ਨਾਲ ਲਗਭਗ 6 ਲੱਖ ਰੁਪਏ ਦੀ ਨਕਦੀ ਲੈ ਕੇ ਜਾ ਰਿਹਾ ਸੀ।

# ਡਿਪਟੀ ਕਮਿਸ਼ਨਰ ਵਲੋਂ ਸਰਦੀ ਦੇ ਮੌਸਮ ਦੌਰਾਨ ਧੁੰਦ 'ਚ ਸੁਰੱਖਿਅਤ ਅਵਾਜਾਈ ਯਕੀਨੀ ਬਣਾਉਣ 'ਤੇ ਦਿੱਤਾ ਜ਼ੋਰ



ਮਾਲੇਰਕੋਟਲਾ :(ਕਿੰਮੀ ਅਰੋੜਾ ਅਸਲਮ ਨਾਜ਼)ਸਰਦੀਆਂ ਵਿੱਚ ਧੁੰਦ ਦੇ ਮੌਸਮ ਦੌਰਾਨ ਸੁਰੱਖਿਅਤ ਅਵਾਜਾਈ ਨੂੰ ਸੁਚੱਜੇ ਢੰਗ ਨਾਲ ਜਾਰੀ ਰੱਖਣ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰੀ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਡਾ ਪੱਲਵੀ ਦੀ ਪ੍ਰਧਾਨਗੀ ਹੇਠ ਹੋਈ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਵੈਭਵ ਸਹਿਗਲ,ਕਾਰਜ ਸਾਧਕ ਅਫ਼ਸਰ ਮਾਲੇਰਕੋਟਲਾ ਅਪਰ ਅਪਾਰ ਸਿੰਘ, ਕਾਰਜ ਸਾਧਕ ਅਫਸਰ ਅਮਰਗੜ੍ਹ/ਅਹਿਮਦਗੜ੍ਹ ਵਿਕਾਸ ਉੱਪਲ, ਗੈਰ ਸਰਕਾਰੀ ਮੈਂਬਰ, ਮੁਹੰਮਦ ਤਾਹੀਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ ।

ਇਸ ਮੌਕੇ ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਧੁੰਦ ਦੌਰਾਨ ਸੜਕਾਂ 'ਤੇ ਘੱਟ ਦਿਸਣ ਕਾਰਨ ਹੋਣ ਵਾਲੀਆਂ ਸੜਕੀ ਦੁਰਘਟਨਾਵਾਂ ਨੂੰ ਰੋਕਣ ਲਈ ਲੋੜੀਂਦੇ ਮਾਪਦੰਡਾਂ ਨੂੰ ਅਪਨਾਇਆ ਜਾਵੇ। ਉਨ੍ਹਾਂ ਵਲੋਂ ਬਲੈਕ ਸਪੌਟ ਥਾਵਾਂ ਦੀ ਪਹਿਚਾਣ ਕਰਨ ਅਤੇ ਸੜਕੀ ਸੁਰੱਖਿਆ ਨੂੰ ਵਧਾਉਣ ਲਈ ਵਾਹਨਾਂ 'ਤੇ ਧੁੰਦ ਵਾਲੀਆਂ ਲਾਈਟਾਂ ਲਗਾਉਣ ਅਤੇ ਸੜਕਾਂ 'ਤੇ ਅਵਾਰਾ ਪਸ਼ੂਆਂ ਦੀ ਰੋਕਥਾਮ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ । ਉਨ੍ਹਾਂ ਨੇ ਟ੍ਰੈਫ਼ਿਕ ਪੁਲਿਸ ਨੂੰ ਹਦਾਇਤ ਕੀਤੀ ਕਿ ਧੁੰਦ ਦੇ ਸਮੇਂ ਦੌਰਾਨ ਸੁਰੱਖਿਅਤ ਡਰਾਇਵਿੰਗ ਅਤੇ ਵਾਹਨਾਂ 'ਤੇ ਐਮਰਜੰਸੀ ਲਾਈਟਾਂ ਦੀ ਵਰਤੋਂ ਕਰਨ ਅਤੇ ਘੱਟ ਵਿਜ਼ੀਬਿਲਟੀ ਦੌਰਾਨ ਹੌਲੀ ਗੱਡੀ ਚਲਾਉਣ ਪ੍ਰਤੀ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ ।

ਇਸ ਮੌਕੇ ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਨੇ ਡਿਪਟੀ ਕਮਿਸ਼ਨਰ ਅਤੇ ਕਮੇਟੀ ਮੈਂਬਰਾਂ ਨੂੰ ਅਵਗਤ ਕਰਵਾਇਆ ਕਿ ਜ਼ਿਲ੍ਹੇ ਵਿੱਚ ਸੁਰੱਖਿਅਤ ਆਵਾਜਾਈ ਯਕੀਨੀ ਬਣਾਉਣ ਲਈ ਲਗਾਤਾਰ ਜ਼ਿਲ੍ਹਾ ਟਰਾਂਸਪੋਰਟ ਦਫ਼ਤਰ ਅਤੇ ਟ੍ਰੈਫਿਕ ਪੁਲਿਸ ਵਲੋਂ ਚੈਕਿੰਗਾਂ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਮਹੀਨਾ ਦਸੰਬਰ 20 24 ਤੋਂ ਹੁਣ ਤੱਕ ਵੱਖ ਵੱਖ ਸਮੇਂ ਤੇ ਕਰੀਬ 284 ਵਾਹਨ ਚਾਲਕਾਂ ਦੇ ਚਲਾਨ ਕਰਕੇ ਕਰੀਬ 63 ਲੱਖ 80 ਹਜਾਰ ਰੁਪਏ ਦੇ ਜੁਰਮਾਨੇ ਕੀਤੇ ਗਏ ਹਨ । ਇਸੇ ਤਰ੍ਹਾਂ ਜ਼ਿਲ੍ਹਾ ਟ੍ਰੈਫਿਕ ਪੁਲਿਸ ਵਲੋਂ ਕਰੀਬ 1085 ਚਲਾਨ ਕੀਤੇ ਗਏ ਹਨ ਜਿਨ੍ਹਾਂ ਵਿੱਚੋਂ 451 ਈ.ਚਲਾਨ ਕਰਕੇ ਕਰੀਬ 2 ਲੱਖ 74 ਹਜਾਰ ਰੁਪਏ ਦੇ ਜੁਰਮਾਨੇ ਵਜੋਂ ਵਸੂਲੇ ਗਏ ਹਨ ।

ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਾਸ਼ਟਰੀ ਸੁਰੱਖਿਆ ਮਹੀਨਾ-2025 ਦੌਰਾਨ ਦੁਰਘਟਨਾਵਾਂ ਤੋਂ ਬਚਾਅ ਲਈ ਜਾਗਰੂਕ ਕਰਨ ਵਾਸਤੇ ਸਪੈਸ਼ਲ ਕੈਂਪ ਲਗਾਉਣ ਤੋਂ ਇਲਾਵਾ ਡਰਾਈਵਰਾਂ ਦੀ ਪੁਲਿਸ ਵੈਰੀਫ਼ਿਕੇਸ਼ਨ, ਅੱਖਾਂ ਦਾ ਚੈਕਅਪ ਅਤੇ ਡੋਪ ਟੈਸਟ ਵੀ ਕਰਾਉਣਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਲੋਕ ਨਿਰਮਾਣ ਵਿਭਾਗ ਅਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਸ਼ਹਿਰ ਦੀਆਂ ਸੜਕਾਂ ਤੇ ਪਏ ਟੋਇਆਂ ਆਦਿ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਟ੍ਰੈਫ਼ਿਕ ਪੁਲਿਸ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਅੰਦਰ ਸੜਕ ਸੁਰੱਖਿਆ ਨਿਯਮਾਂ ਸਬੰਧੀ ਬੱਚਿਆਂ ਨੂੰ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਅਤੇ ਨਾਬਾਲਗ ਬੱਚਿਆਂ ਨੂੰ ਵਹੀਕਲ ਚਲਾਉਣ ਤੋਂ ਰੋਕਣ ਲਈ ਵੀ ਆਦੇਸ਼ ਦਿੱਤੇ

# ਸੜਕ ਸੁਰੱਖਿਆ ਰੋਡ ਸੇਫਟੀ ਮਹੀਨੇ ਤਹਿਤ ਆਰ.ਟੀ.ਏ ਗੁਰਮੀਤ ਕੁਮਾਰ ਬਾਂਸਲ ਨੇ ਲਗਾਏ ਵਹਾਨਾਂ ਉਪਰ ਰਿ.ਫਲੈਕਟਰ




ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)ਜ਼ਿਲ੍ਹਾ ਟਰਾਂਸਪੋਰਟ ਵਿਭਾਗ ਮਾਲੇਰਕੋਟਲਾ ਵਲੋਂ ਡਿਪਟੀ ਕਮਿਸ਼ਨਰ ਡਾ.ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰੋਡ ਸੇਫਟੀ ਜਾਗਰੂਕਤਾ ਮਹੀਨੇ ਤਹਿਤ ਉਲੀਕੇ ਗਏ ਵੱਖ ਵੱਖ ਪ੍ਰੋਗਰਾਮਾਂ ਦੌਰਾਨ ਇੱਥੇ ਮਾਲੇਰਕੋਟਲਾ-ਸੰਗਰੂਰ ਰੋਡ ਤੇ ਵਾਹਨਾਂ ਉਪਰ ਜ਼ਿਲ੍ਹਾ ਟਰੈਫਿਕ ਪੁਲਿਸ ਦੇ ਸਹਿਯੋਗ ਨਾਲ ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਨੇ ਰਿਫ਼ਲੈਕਟਰ ਲਗਾਏ । ਇਸ ਮੌਕੇ ਮਾਲੇਰਕੋਟਲਾ ਟਰੈਫਿਕ ਇੰਨਚਾਰਜ ਬਲਵੀਰ ਸਿੰਘ, ਸੀ.ਟੀ. ਯੂਨੀਵਰਸਿਟੀ ਤੋਂ ਆਸੀਫ ਹੁਸੈਨ ਤੋਂ ਇਲਾਵਾ ਹੋਰ ਵਿਭਾਗੀ ਅਧਿਕਾਰੀ ਮੌਜੂਦ ਸਨ । ਖੇਤਰੀ ਟਰਾਂਸਪੋਰਟ ਅਫ਼ਸਰ ਗੁਰਮੀਤ ਕੁਮਾਰ ਬਾਂਸਲ ਨੇ ਦੱਸਿਆ ਕਿ ਰਾਸ਼ਟਰੀ ਸੁਰੱਖਿਆ ਮਹੀਨਾ-2025 ਤਹਿਤ ਮਾਲੇਰਕੋਟਲਾ ਜ਼ਿਲ੍ਹੇ ਵਿਚ ਸੜਕ ਸੁਰੱਖਿਆ ਮੁਹਿੰਮ ਚਲਾਈ ਗਈ। ਮਹੀਨਾ ਜਨਵਰੀ 2025 ਦੌਰਾਨ ਇਸ ਮੁਹਿੰਮ ਤਹਿਤ ਵੱਖ-ਵੱਖ ਥਾਵਾਂ 'ਤੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਕਰੀਬ 89 ਵਾਹਨ ਚਾਲਕਾਂ ਦੇ 21 ਲੱਖ 30 ਹਜਾਰ ਰੁਪਏ ਦੇ ਚਲਾਨ ਟਰਾਂਸਪੋਰਟ ਅਤੇ ਪੁਲਿਸ ਵਿਭਾਗ ਵਲੋਂ ਕੀਤੇ ਗਏ ਹਨ । ਗੁਰਮੀਤ ਕੁਮਾਰ ਬਾਂਸਲ ਨੇ ਕਿਹਾ ਕਿ ਆਮ ਲੋਕਾਂ ਨੂੰ ਸੜਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਅਤੇ ਸੜਕੀ ਹਦਾਸਿਆਂ ਨੂੰ ਠੱਲ ਪਾਉਣ ਦੇ ਮੰਤਵ ਨਾਲ ਰੋਡ ਸੇਫਟੀ ਜਾਗਰੂਕਤਾ ਮਹੀਨੇ ਦੀ ਸ਼ੁਰੂਆਤ ਕੀਤੀ ਗਈ ਹੈ। ਰਾਸ਼ਟਰੀ ਸੁਰੱਖਿਆ ਮਹੀਨਾ ਤਹਿਤ ਸਾਡਾ ਉਦੇਸ਼ ਸੜਕ 'ਤੇ ਸੁਰੱਖਿਆ ਦੇ ਮਹੱਤਵ ਨੂੰ ਕੇਂਦਰਿਤ ਕਰਨਾ ਅਤੇ ਲੋਕਾਂ ਨੂੰ ਆਵਾਜਾਈ ਨਿਯਮਾਂ ਪ੍ਰਤੀ ਜਾਗਰੂਕ ਕਰਨਾ ਹੈ।ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕੇਵਲ ਚਾਲਕਾਂ ਦੀ ਸੁਰੱਖਿਆ ਯਕੀਨੀ ਬਣਾਉਂਦਾ ਹੈ ਬਲਕਿ ਹੋਰ ਰਾਹੀਗਰਾਂ ਦੀ ਜਾਨ-ਮਾਲ ਦੀ ਸੁਰੱਖਿਆ ਵਿਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਸ ਮੁਹਿੰਮ ਦੌਰਾਨ ਡਰਾਈਵਰਾਂ ਨੂੰ ਸਮਝਾਇਆ ਗਿਆ ਕਿ ਧੁੰਦ ਦੇ ਮੌਸਮ ਵਿਚ ਵਾਹਨ ਚਲਾਉਂਦੇ ਸਮੇਂ ਵਿਸ਼ੇਸ਼ ਸਾਵਧਾਨੀ ਵਰਤਣ ਅਤੇ ਯਕੀਨੀ ਬਣਾਉਣ ਕਿ ਵਾਹਨਾਂ ਦੀਆਂ ਲਾਈਟਾਂ ਅਤੇ ਰਿਫਲੈਕਟਰ ਸਹੀ ਢੰਗ ਨਾਲ ਕੰਮ ਕਰ ਰਹੇ ਹੋਣ। ਦੁਰਘਟਨਾਵਾਂ ਨੂੰ ਰੋਕਣ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਾਉਣ ਲਈ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।

ਉਨ੍ਹਾਂ ਹੋਰ ਦੱਸਿਆ ਕਿ ਇਸ ਸੜਕ ਸੁਰੱਖਿਆ ਮਹੀਨੇ ਤਹਿਤ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਸਕੂਲਾਂ ਕਾਲਜਾਂ, ਯੂਨੀਵਰਸਿਟੀ, ਟਰੱਕ ਯੂਨੀਅਨ, ਟੈਕਸੀ ਸਟੈਂਡ ਵਿਖੇ ਜਾ ਕੇ ਨੌਜਵਾਨਾਂ ਅਤੇ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਧੁੰਦ ਦੇ ਮੌਸਮ ਨੂੰ ਵੇਖਦਿਆਂ ਟਰੈਕਟਰ ਟਰਾਲੀਆਂ, ਟਰੱਕਾਂ, ਕਾਰਾ ਅਤੇ ਹੋਰ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਏ ਜਾ ਰਹੇ ਹਨ ਤਾਂ ਜੋ ਧੁੰਦ ਕਾਰਨ ਕੋਈ ਹਾਦਸਾ ਨਾ ਵਾਪਰੇ।

ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਸੜਕ 'ਤੇ ਚੱਲਣ ਸਮੇਂ ਸਾਵਧਾਨ ਰਹਿਣ ਅਤੇ ਆਵਾਜਾਈ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਨ। ਇਹ ਮੁਹਿੰਮ ਜ਼ਿਲ੍ਹੇ ਵਿਚ ਸੜਕ ਦੁਰਘਟਨਾਵਾਂ ਨੂੰ ਘੱਟ ਕਰਨ ਅਤੇ ਆਵਾਜਾਈ ਵਿਵਸਥਾ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵਿਚ ਇਕ ਅਹਿਮ ਕਦਮ ਹੈ।

# ਕੁੱਤੇ ਫੜਨ ਦੀ ਮੁਹਿੰਮ ਸ਼ੁਰੂ; ਹਸਨਪੁਰ, ਭਨੋਹਰ ਅਤੇ ਹੋਰ ਨਾਲ ਲੱਗਦੇ ਪਿੰਡਾਂ ਤੋਂ ਲਗਭਗ 2 ਦਰਜਨ ਅਵਾਰਾ ਕੁੱਤੇ ਫੜੇ ਗਏ



ਲੁਧਿਆਣਾ, ( ਸੁਖਚੈਨ ਮਹਿਰਾ, ਨਰੇਸ਼ ਹੰਸ) ਲੁਧਿਆਣਾ ਪ੍ਰਸ਼ਾਸਨ ਵੱਲੋਂ ਆਵਾਰਾ ਕੁੱਤਿਆਂ ਦੀ ਨਸਬੰਦੀ ਕਰਨ ਲਈ ਇੱਕ ਨਿੱਜੀ ਫਰਮ ਨਾਲ ਸਮਝੌਤਾ ਕਰਨ ਤੋਂ ਇੱਕ ਦਿਨ ਬਾਅਦ ਬੁੱਧਵਾਰ ਨੂੰ ਇੱਕ ਕੁੱਤਿਆਂ ਨੂੰ ਫੜਨ ਵਾਲੀ ਟੀਮ ਨੇ ਪਿੰਡ ਹਸਨਪੁਰ, ਭਨੋਹਰ ਅਤੇ ਨਾਲ ਲੱਗਦੇ ਹੋਰ ਪਿੰਡਾਂ ਤੋਂ ਲਗਭਗ ਦੋ ਦਰਜਨ ਅਵਾਰਾ ਕੁੱਤੇ ਫੜੇ।

ਇਹ ਕਾਰਵਾਈ ਪਸ਼ੂ ਜਨਮ ਨਿਯੰਤਰਣ ਦੇ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਅਨੁਸਾਰ ਕੀਤੀ ਜਾ ਰਹੀ ਹੈ। ਇਹ ਮੁਹਿੰਮ ਬੀ.ਡੀ.ਪੀ.ਓ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਦੀ ਨਿਗਰਾਨੀ ਹੇਠ ਚਲਾਈ ਗਈ ਹੈ ਜੋ ਇਸ ਪ੍ਰੋਜੈਕਟ ਦੇ ਨੋਡਲ ਅਫਸਰ ਹਨ ਅਤੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਯਕੀਨੀ ਬਣਾਉਣਗੇ। ਪਿੰਡ ਭਨੋਹਰ ਤੋਂ ਲਗਭਗ 10, ਪਿੰਡ ਹਸਨਪੁਰ ਅਤੇ ਹੋਰ ਨਾਲ ਲੱਗਦੇ ਪਿੰਡਾਂ ਤੋਂ ਲਗਭਗ 7 ਕੁੱਤੇ ਫੜੇ ਗਏ।

ਰੋਜ਼ਾਨਾ ਲੋਕ ਬਾਣੀ
www.lokbani

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਇੱਕ ਵਿਸਤ੍ਰਿਤ ਯੋਜਨਾ ਤਿਆਰ ਕੀਤੀ ਗਈ ਹੈ, ਜਿਸ ਤਹਿਤ ਨਿੱਜੀ ਫਰਮ ਜ਼ਿਲ੍ਹੇ ਦੇ ਪੇਂਡੂ ਖੇਤਰਾਂ ਤੋਂ ਵੱਧ ਰਹੀ ਆਵਾਰਾ ਕੁੱਤਿਆਂ ਦੀ ਆਬਾਦੀ ਨੂੰ ਕੰਟਰੋਲ ਕਰਨ ਲਈ ਕੁੱਤਿਆਂ ਨੂੰ ਫੜੇਗੀ ਅਤੇ ਉਨ੍ਹਾਂ ਦੀ ਨਸਬੰਦੀ ਕਰੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਇਹ ਵੀ ਕਿਹਾ ਕਿ ਨਸਬੰਦੀ ਪ੍ਰੋਜੈਕਟ ਦਾ ਉਦੇਸ਼ ਕੁੱਤਿਆਂ ਦੀ ਆਬਾਦੀ ਨੂੰ ਕੰਟਰੋਲ ਕਰਨਾ ਅਤੇ ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਨੂੰ ਘਟਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹੋਰ ਨਗਰ ਕਮੇਟੀਆਂ ਨੇ ਵੀ ਟੈਂਡਰ ਜਾਰੀ ਕਰਨ ਦੀ ਪ੍ਰਕਿਰਿਆ ਤੇਜ਼ ਕਰ ਦਿੱਤੀ ਹੈ ਅਤੇ ਇਹ ਕੰਮ ਇੱਕ ਢੁਕਵੀਂ ਫਰਮ ਨੂੰ ਦਿੱਤਾ ਜਾਵੇਗਾ ਜੋ ਭਾਰਤੀ ਪਸ਼ੂ ਭਲਾਈ ਬੋਰਡ ਦੁਆਰਾ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੁਸ਼ਲਤਾ ਨਾਲ ਕੁੱਤਿਆਂ ਦੀ ਨਸਬੰਦੀ ਕਰ ਸਕੇ।

ਉਨ੍ਹਾਂ ਭਰੋਸਾ ਦਿੱਤਾ ਕਿ ਜਲਦੀ ਹੀ ਲੁਧਿਆਣਾ ਜ਼ਿਲ੍ਹੇ ਦੇ ਉਨ੍ਹਾਂ ਸਾਰੇ ਹਿੱਸਿਆਂ ਵਿੱਚ ਅਜਿਹੀਆਂ ਮੁਹਿੰਮਾਂ ਚਲਾਈਆਂ ਜਾਣਗੀਆਂ ਜਿੱਥੇ ਅਵਾਰਾ ਕੁੱਤਿਆਂ ਦਾ ਖ਼ਤਰਾ ਪ੍ਰਚਲਿਤ ਹੈ।

# ਸਾਰੇ ਰਾਜਾਂ ਨੂੰ ਗੈਰ-ਕਾਨੂੰਨੀ ਗੁਪਤ ਪ੍ਰਯੋਗਸ਼ਾਲਾਵਾਂ ਵਿਰੁੱਧ ਸਖ਼ਤ ਰਵੱਈਆ ਅਪਣਾਉਣ ਦੀ ਲੋੜ: ਸ਼ਾਹ



ਲੁਧਿਆਣਾ/ਜਲੰਧਰ (ਲੋਕ ਬਾਣੀ): ਡਰੱਗ ਤਸਕਰੀ ਅਤੇ ਰਾਸ਼ਟਰੀ ਸੁਰੱਖਿਆ ਵਿਸ਼ੇ ਤੇ ਖੇਤਰੀ ਕਾਨਫਰੰਸ ਦੀ ਪ੍ਰਧਾਨਗੀ ਕਰਦੇ ਹੋਏ, ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਚੁਣੌਤੀ ਨਾਲ ਨਜਿੱਠਣ ਲਈ, ਸਾਰੇ ਰਾਜਾਂ ਨੂੰ ਇੱਕ ਬੇਰਹਿਮ ਪਹੁੰਚ ਯਾਨੀ ਇੱਕ ਸਖ਼ਤ ਅਤੇ ਸਖ਼ਤ ਰਣਨੀਤੀ ਅਪਣਾਉਣ ਦੀ ਲੋੜ ਹੈ ਤਾਂ ਜੋ ਇਸ ਸਮੱਸਿਆ ਤੋਂ ਛੁਟਕਾਰਾ ਪਾਇਆ ਜਾ ਸਕੇ। ਜੜ੍ਹਾਂ ਤੋਂ ਖਤਮ ਕੀਤਾ ਜਾ ਸਕਦਾ ਹੈ। ਦੇਸ਼ ਭਰ ਵਿੱਚ ਗੈਰ-ਕਾਨੂੰਨੀ ਗੁਪਤ ਪ੍ਰਯੋਗਸ਼ਾਲਾਵਾਂ ਦੀ ਸਮੱਸਿਆ ਤੇਜ਼ੀ ਨਾਲ ਵੱਧ ਰਹੀ ਹੈ। ਇਹ ਪ੍ਰਯੋਗਸ਼ਾਲਾਵਾਂ ਨਸ਼ੀਲੇ ਪਦਾਰਥਾਂ, ਨਕਲੀ ਦਵਾਈਆਂ ਅਤੇ ਖਤਰਨਾਕ ਰਸਾਇਣਾਂ ਦੇ ਉਤਪਾਦਨ ਵਿੱਚ ਸ਼ਾਮਲ ਹਨ। ਇਹ ਅਕਸਰ ਵੱਡੇ ਸੰਗਠਿਤ ਅਪਰਾਧ ਨੈੱਟਵਰਕਾਂ ਦੁਆਰਾ ਚਲਾਏ ਜਾਂਦੇ ਹਨ, ਜੋ ਨਾ ਸਿਰਫ਼ ਸਮਾਜ ਨੂੰ ਨੁਕਸਾਨ ਪਹੁੰਚਾਉਂਦੇ ਹਨ ਬਲਕਿ ਦੇਸ਼ ਦੀ ਅੰਦਰੂਨੀ ਸੁਰੱਖਿਆ ਅਤੇ ਆਰਥਿਕਤਾ ਲਈ ਵੀ ਖ਼ਤਰਾ ਪੈਦਾ ਕਰਦੇ ਹਨ। ਵੱਖ-ਵੱਖ ਰਾਜਾਂ ਵਿੱਚ ਕੰਮ ਕਰ ਰਹੀਆਂ ਇਹ ਪ੍ਰਯੋਗਸ਼ਾਲਾਵਾਂ ਕੋਕੀਨ ਅਤੇ ਸਿੰਥੈਟਿਕ ਡਰੱਗਜ਼ ਵਰਗੇ ਨਸ਼ੀਲੇ ਪਦਾਰਥ ਪੈਦਾ ਕਰਦੀਆਂ ਹਨ ਜੋ ਨੌਜਵਾਨਾਂ ਵਿੱਚ ਨਸ਼ਾਖੋਰੀ ਨੂੰ ਵਧਾਉਂਦੀਆਂ ਹਨ ਅਤੇ ਇਸ ਨਾਲ ਪਰਿਵਾਰਾਂ ਵਿੱਚ ਤਣਾਅ ਅਤੇ ਸਮਾਜ ਵਿੱਚ ਅਪਰਾਧ ਦਾ ਪੱਧਰ ਵਧਦਾ ਹੈ। ਇਸ ਦੇ ਨਾਲ ਹੀ, ਨਕਲੀ ਦਵਾਈਆਂ ਨਾ ਸਿਰਫ਼ ਮਰੀਜ਼ਾਂ ਦੀ ਜਾਨ ਲਈ ਖ਼ਤਰਾ ਪੈਦਾ ਕਰਦੀਆਂ ਹਨ, ਸਗੋਂ ਸਿਹਤ ਸੇਵਾਵਾਂ ਦੀ ਗੁਣਵੱਤਾ ਤੇ ਵੀ ਸਵਾਲ ਖੜ੍ਹੇ ਕਰਦੀਆਂ ਹਨ। ਇੰਨਾ ਹੀ ਨਹੀਂ, ਇਹਨਾਂ ਵਿੱਚੋਂ ਬਹੁਤ ਸਾਰੀਆਂ ਗੈਰ-ਕਾਨੂੰਨੀ ਪ੍ਰਯੋਗਸ਼ਾਲਾਵਾਂ ਅੱਤਵਾਦੀ ਸੰਗਠਨਾਂ ਨਾਲ ਜੁੜੀਆਂ ਹੋਈਆਂ ਹਨ, ਜੋ ਇਹਨਾਂ ਦੀ ਵਰਤੋਂ ਵਿੱਤੀ ਸਰੋਤ ਇਕੱਠੇ ਕਰਨ ਅਤੇ ਸਮਾਜ ਵਿੱਚ ਅਸਥਿਰਤਾ ਪੈਦਾ ਕਰਨ ਲਈ ਕਰਦੀਆਂ ਹਨ।

# ਅੰਡਰ ਟ੍ਰਾਇਲ ਰਿਵਿਊ ਕਮੇਟੀ ਅਤੇ ਜ਼ਿਲ੍ਹਾ ਅਥਾਰਟੀ ਦੀ ਤਿਮਾਹੀ ਮੀਟਿੰਗ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਮੋਹਾਲੀ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਪੂਰਥਲਾ ਸ਼੍ਰੀ ਹਰਪਾਲ ਸਿੰਘ ਦੀ ਅਗਵਾਈ ਹੇਠ ਅੱਜ ਅੰਡਰ ਟ੍ਰਾਇਲ ਰਿਵਿਊ ਕਮੇਟੀ ਦੀ ਮੀਟਿੰਗ ਦਾ ਹੋਈ।

ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਵੰਤ ਕੌਰ ਵੱਲੋਂ ਆਏ ਹੋਏ ਮੈਂਬਰ ਸਾਹਿਬਾਨ ਨੂੰ ਜੀ ਆਇਆਂ ਨੂੰ ਕਿਹਾ ਗਿਆ। ਇਸ ਮੌਕੇ ਅੰਡਰ ਸੁਪਰਡੈਂਟ ਕੇਂਦਰੀ ਜੇਲ੍ਹ ਕਪੂਰਥਲਾ ਅਤੇ ਵੱਖ-ਵੱਖ ਕੋਰਟਾਂ ਤੋਂ ਭੇਜੀਆਂ ਗਈਆਂ ਅੰਡਰ ਟ੍ਰਾਇਲ ਰਿਵਿਊ ਕਮੇਟੀ ਅਧੀਨ ਆਉਣ ਵਾਲੇ ਕੈਦੀਆਂ ਸਬੰਧੀ ਫੈਸਲਾ ਲਿਆ ਗਿਆ।

ਚੀਫ ਜੂਡੀਸ਼ੀਅਲ ਮੈਜਿਸ੍ਰਟੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਵੰਤ ਕੌਰ ਵਲੋਂ ਜ਼ਿਲ੍ਹਾ ਅਥਾਰਟੀ ਵੱਲੋਂ ਤਿੰਨ ਮਹੀਨੇ ਵਿੱਚ ਕੀਤੇ ਗਏ ਕੰਮਾਂ ਸੰਬੰਧੀ ਆਏ ਹੋਏ ਮੈਂਬਰਾਨ ਨੂੰ ਦੱਸਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਕਪੂਰਥਲਾ ਵੱਲੋਂ ਜ਼ਿਲ੍ਹੇ ਅਤੇ ਉਪ-ਮੰਡਲ ਪੱਧਰ 'ਤੇ 8 ਮਾਰਚ 2025 ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕਰਿਮਨਲ ਕੰਪਾਊਂਡਏਬਲ, ਧਾਰਾ 138 ਐਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਐਮ.ਏ.ਸੀ.ਟੀ. ਕੇਸ, ਲੇਬਰ ਮੈਟਰਸ, ਬਿਜਲੀ ਅਤੇ ਪਾਣੀ ਦੇ ਬਿੱਲਾਂ ਸੰਬੰਧੀ ਮਾਮਲੇ, ਵਿਵਾਹਿਕ ਮਾਮਲੇ, ਲੈਂਡ ਐਕੂਜੀਸ਼ਨ ਕੇਸ, ਸਰਵਿਸ ਮੈਟਰਸ, ਰੈਵਨਿਊ ਕੇਸ ਅਤੇ ਹੋਰ ਸਿਵਲ ਮੈਟਰਸ, ਰੈਂਟ, ਇੰਜਕਸ਼ਨ ਸੂਟ, ਸਪੈਸਫਿਕ ਪ੍ਰਫੋਰਮੈਂਸ ਵਗੈਰਾ ਦੇ ਲੰਬਿਤ ਅਤੇ ਪ੍ਰੀ—ਲਿਟੀਗੇਟਿਵ ਕੇਸ ਸ਼ਾਮਿਲ ਕੀਤੇ ਜਾਣਗੇ। ਉਨ੍ਹਾਂ ਨੈਸ਼ਨਲ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਲਗਵਾ ਕੇ ਇਸ ਨੈਸ਼ਨਲ ਲੋਕ ਅਦਾਲਤ ਨੂੰ ਸਫਲ ਬਣਾਉਣ ਲਈ ਵੀ ਕਿਹਾ।

ਇਸ ਮੌਕੇ ਸ਼੍ਰੀ ਸੰਜੇ ਅਗਨੀਹੋਤਰੀ, ਮਾਣਯੋਗ ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਸ਼੍ਰੀ ਸ਼ਾਮਲ ਜ਼ਯੋਤੀ ਸੁਪਰਡੈਂਟ ਕੇਂਦਰੀ ਜ਼ੇਲ੍ਹ, ਕਪੂਰਥਲਾ,ਸ਼੍ਰੀਮਤੀ ਵਿਨੀਤਾ ਲੁਥਰਾ,ਚੀਫ ਜੂਡੀਸ਼ੀਅਲ ਮੈਜਿਸਟ੍ਰੇਟ,ਕਪੂਰਥਲਾ, ਸ਼੍ਰੀ ਕਪਿਲ ਜਿੰਦਲ, ਡਿਪਟੀ ਕਮਿਸ਼ਨਰ ਕਪੂਰਥਲਾ ਦੇ ਬਿਹਾਫ ਤੇ, ਸ਼੍ਰੀ ਵਿਸ਼ਾਲ ਅਨੰਦ,ਜਿਲ੍ਹਾ ਅਟਾਰਨੀ, ਸ਼੍ਰੀ ਸੱਤਪਾਲ,ਚੀਫ ਲੀਗਲ ਏਡ ਡਿਫੈਂਸ ਕਾਊਂਸਲ,ਕਪੂਰਥਲਾ ਅਤੇ ਸ਼੍ਰੀ ਰਾਜਬੀਰ ਬਾਵਾ,ਪ੍ਰਧਾਨ,ਬਾਰ ਐਸੋਸੀਏਸ਼ਨ, ਕਪੂਰਥਲਾ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਜ਼ਿਲ੍ਹਾ ਸੰਗਰੂਰ ਵਿੱਚ ਪ੍ਰੇਗਾਬਾਲੀਨ 75 ਐਮਜੀ ਤੋਂ ਵੱਧ ਮਾਤਰਾ ਦੇ ਕੈਪਸੂਲ ਦੀ ਵਿਕਰੀ ਉਤੇ ਮੁਕੰਮਲ ਪਾਬੰਦੀ

ਫ਼ਗਵਾੜਾ-ਸੰਗਰੂਰ (ਸੁਸ਼ੀਲ ਸ਼ਰਮਾ) ਵਧੀਕ ਜ਼ਿਲ੍ਹਾ ਮੈਜਿਸਟਰੇਟ ਸੰਗਰੂਰ ਅਮਿਤ ਬੈਂਬੀ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ (ਬੀ.ਐਨ.ਐਸ.ਐਸ.), 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸੰਗਰੂਰ ਵਿੱਚ ਪ੍ਰੇਗਾਬਾਲੀਨ 75 ਐਮਜੀ (Pregaballin GE mg) ਤੋਂ ਵੱਧ ਮਾਤਰਾ ਦੇ ਕੈਪਸੂਲ ਦੀ ਵਿਕਰੀ ਉਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ ਉਤੇ ਆਪਣੀ ਮੋਹਰ ਲਗਾਈ ਜਾਵੇਗੀ ਅਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇਗੀ।

ਹੁਕਮਾਂ ਵਿੱਚ ਦਰਜ ਹੈ ਕਿ ਸਿਵਲ ਸਰਜਨ ਵੱਲੋਂ ਆਪਣੇ ਪੱਤਰ ਰਾਹੀਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਪ੍ਰੇਗਾਬਾਲੀਨ ਕੰਟੇਨਿੰਗ 300 ਐਮਜੀ (Pregaballin 300 mg) ਕੈਪਸੂਲ ਦੀ ਆਮ ਲੋਕਾਂ ਵੱਲੋਂ ਗਲਤ ਵਰਤੋਂ ਕੀਤੀ ਜਾ ਰਹੀ ਹੈ ਅਤੇ ਕਈ ਲੋਕਾਂ ਵੱਲੋਂ ਇਸ (ਸਿਗਨੇਚਰ ਦੇ ਨਾਮ ਨਾਲ ਵੀ ਜਾਣੀ ਜਾਂਦੀ ਹੈ) ਨੂੰ ਨਸ਼ੇ ਦੇ ਤੌਰ ਤੇ ਵਰਤਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਹੀ ਜ਼ਿਲ੍ਹਾ ਸੰਗਰੂਰ ਵਿੱਚ ਇਸ ਦੀ ਵਿਕਰੀ ਉਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਇਹ ਪਾਬੰਦੀ ਹੁਕਮ 9 ਮਾਰਚ 2025 ਤੱਕ ਲਾਗੂ ਰਹਿਣਗੇ।

ਰੋਜ਼ਾਨਾ ਲੋਕ ਬਾਣੀ www.lokbani

# ਨੈਸ਼ਨਲ ਰੋਡ ਸੇਫਟੀ ਮਹੀਨਾ ਤਹਿਤ ਜ਼ਿਲ੍ਹਾ ਪੱਧਰੀ ਸੈਮੀਨਾਰ

## *ਵਿਦਿਆਰਥੀਆਂ ਨੂੰ ਕੀਤਾ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵਲੋਂ ਮਨਾਏ ਜਾ ਰਹੇ ਨੈਸ਼ਨਲ ਰੋਡ ਸੇਫਟੀ ਮਹੀਨਾ ਤਹਿਤ ਅੱਜ ਐਸ.ਐਸ.ਪੀ.ਕਪੂਰਥਲਾ ਗੌਰਵ ਤੂਰਾ ਦੀ ਅਗਵਾਈ ਹੇਠ ਸਥਾਨਕ ਮਾਲ ਰੋਡ ਸਥਿਤ ਨਿੱਜੀ ਸਕੂਲ ਵਿਖੇ ਟ੍ਰੈਫਿਕ ਨਿਯਮਾਂ ਸਬੰਧੀ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ,ਜਿਸ ਵਿਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਵਲੋਂ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ ਗਈ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਐਸ.ਐਸ.ਪੀ.ਕਪੂਰਥਲਾ ਗੌਰਵ ਤੂਰਾ ਨੇ ਕਿਹਾ ਕਿ ਨਿੱਤ ਵੱਧਦੀਆਂ ਸੜਕ ਦੁਰਘਟਨਾਵਾਂ ਤੇ ਸੈਂਕੜੇ ਲੋਕਾਂ ਦੀਆਂ ਮੌਤਾਂ ਚਿੰਤਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਆਪਣਾ ਕੀਮਤੀ ਜੀਵਨ ਬਚਾਉਣ ਲਈ ਸਮਝਦਾਰੀ ਨਾਲ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਕਪੂਰਥਲਾ ਪੁਲਿਸ ਵਲੋਂ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਹੇਠਲੇ ਪੱਧਰ 'ਤੇ ਜਾਗਰੂਕ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣੂ ਕਰਵਾ ਕੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਟ੍ਰਾਂਸਪੋਰਟ ਅਫ਼ਸਰ ਮੇਜਰ ਡਾ.ਇਰਵਨ ਕੌਰ ਨੇ ਕਿਹਾ ਕਿ ਨਾਬਾਲਗਾਂ ਦੁਆਰਾ ਮੋਟਰ ਵਾਹਨ ਚਲਾਉਣਾ ਇੱਕ ਜੁਰਮ ਹੈ ਛੋਟੀ ਉਮਰ ਦੇ ਬੱਚਿਆਂ/ ਵਿਦਿਆਰਥੀਆਂ ਨੂੰ (ਲਰਨਿੰਗ ਲਾਇਸੰਸ ਅਤੇ ਪੱਕਾ ਲਾਇਸੰਸ ਤੋਂ ਬਿਨ੍ਹਾਂ) ਕੋਈ ਵੀ ਵਾਹਨ ਨਾ ਚਲਾਇਆ ਜਾਵੇ,ਨਿਯਮਾਂ ਦੀ ਉਲੰਘਣਾ ਕਰਨ ਵਾਲੇ ਨੂੰ ਮੋਟਰ ਵਹੀਕਲ ਐਕਟ ਤਹਿਤ (1988, ਸੈਕਸ਼ਨ 199 ਏ)ਮਾਤਾ-ਪਿਤਾ ਅਤੇ ਵਾਹਨ ਦੇ ਮਾਲਕ ਨੂੰ 3 ਸਾਲ ਤੱਕ ਦੀ ਕੈਦ ਅਤੇ 25000 ਰੁਪਏ ਦਾ ਜੁਰਮਾਨਾ ਹੋ ਸਕਦਾ ਹੈ। ਉਨ੍ਹਾਂ ਲਾਈਸੈਂਸ ਧਾਰਕ ਵਿਦਿਆਰਥੀਆਂ ਨੂੰ ਪੂਰੀ ਸੂਝ-ਬੂਝ ਨਾਲ ਹੀ ਆਪਣਾ ਵਾਹਨ ਚਲਾਉਣ ਦੀ ਅਪੀਲ ਕੀਤੀ।

ਜ਼ਿਲ੍ਹਾ ਰੋਡ ਸੇਫਟੀ ਟੀਮ ਮੈਂਬਰ ਗੁਰਬਚਨ ਸਿੰਘ ਬੰਗੜ ਨੇ ਕਿਹਾ ਕਿ ਸਿਰ ਤੇ ਹੈਲਮੇਟ ਜਾਂ ਪਗੜੀ ਬੰਨ੍ਹ ਕੇ ਹੀ ਇਹ ਦੋ ਪਹੀਆਂ ਵਾਹਨ ਚਲਾਉਣਾ ਚਹੀਦਾ ਹੈ,ਇਸ ਨਾਲ ਸਿਰ ਦੀ ਸੱਟ ਤੋਂ ਬਚਾਅ ਹੋ ਸਕਦਾ ਹੈ।

ਉਨ੍ਹਾਂ ਸਾਰੇ ਵਿਦਿਅਕ ਸੰਸਥਾਵਾਂ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਨਬਾਲਿਗ ਵਿਦਿਆਰਥੀਆਂ ਨੂੰ ਕੋਈ ਵੀ ਵਾਹਨ ਸਕੂਲ ਵਿੱਚ ਲੈਕੇ ਆਉਂਣ ਦੀ ਆਗਿਆ ਨਾ ਦਿੱਤੀ ਜਾਵੇ।

ਇਸ ਮੌਕੇ ਜ਼ਿਲ੍ਹਾ ਕਪੂਰਥਲਾ ਦੇ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਲਤਿਕਾ ਗਰਗ ਦੇ ਸਿਰ ਸਜਿਆ ਜੇਸੀਆਈ ਈਵਜ਼ ਦੀ ਪ੍ਰਧਾਨਗੀ ਦਾ ਤਾਜ



ਫਗਵਾੜਾ ( ਸੁਸ਼ੀਲ ਸ਼ਰਮਾ ) ਔਰਤਾਂ ਦੀ ਮੋਹਰੀ ਸਮਾਜ ਸੇਵੀ ਸੰਸਥਾ ਜੇ.ਸੀ.ਆਈ.ਈਵਜ਼ ਦੀ ਮੀਟਿੰਗ ਸਾਬਕਾ ਪ੍ਰਧਾਨ ਪਰਮਜੀਤ ਦੀ ਪ੍ਰਧਾਨਗੀ ਹੇਠ ਸਥਾਨਕ ਕਲੱਬ ਹਾਊਸ ਗਿਲਕੋ ਵਿਖੇ ਹੋਈ। ਜਿਸ ਵਿੱਚ ਅਗਲੇ ਇੱਕ ਸਾਲ ਲਈ ਜੇ.ਸੀ. ਲਤਿਕਾ ਗਰਗ ਨੂੰ ਸਰਬਸੰਮਤੀ ਨਾਲ ਪ੍ਰਧਾਨ ਅਤੇ ਜੇ.ਸੀ ਮਨੀਸ਼ਾ ਨੂੰ ਸਕੱਤਰ ਨਾਮਜ਼ਦ ਕੀਤਾ ਗਿਆ। ਹਾਜ਼ਰ ਕਲੱਬ ਮੈਂਬਰਾਂ ਨੇ ਦੋਵਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਅਤੇ ਸ਼ੁਭ ਇੱਛਾਵਾਂ ਦਿੱਤੀਆਂ। ਨਵ-ਨਿਯੁਕਤ ਪ੍ਰਧਾਨ ਲਤਿਕਾ ਗਰਗ ਨੇ ਪ੍ਰਧਾਨ ਵਜੋਂ ਅਹਿਮ ਜ਼ਿੰਮੇਵਾਰੀ ਦੇਣ ਲਈ ਹਾਜਰ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦੁਆਇਆ ਕਿ ਉਹ ਕਲੱਬ ਦੀ ਸਮਾਜ ਸੇਵੀ ਪਰੰਪਰਾ ਨੂੰ ਪੂਰੀ ਤਨਦੇਹੀ ਨਾਲ ਅੱਗੇ ਵਧਾਉਣਗੇ ਅਤੇ ਜਲਦੀ ਹੀ ਕਲੱਬ ਦੇ ਸਮੂਹ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕਰਕੇ ਨਵੇਂ ਪ੍ਰਾਜੈਕਟਾਂ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਾਲ 2025 ਦੇ ਮੁੱਖ ਪ੍ਰੋਜੈਕਟਾਂ ਵਿੱਚੋਂ ਮਹਿਲਾ ਸਸ਼ਕਤੀਕਰਨ ਉਨ੍ਹਾਂ ਦੀ ਤਰਜੀਹ ਹੋਵੇਗੀ। ਜਿਸ ਤਹਿਤ ਜਲਦੀ ਹੀ ਔਰਤਾਂ ਲਈ ਸਿਲਾਈ ਸੈਂਟਰ ਸ਼ੁਰੂ ਕੀਤਾ ਜਾਵੇਗਾ। ਜਿੱਥੇ ਲੋੜਵੰਦ ਔਰਤਾਂ ਇਸ ਦਸਤਕਾਰੀ ਵਿੱਚ ਮੁਹਾਰਤ ਹਾਸਲ ਕਰਕੇ ਆਤਮ ਨਿਰਭਰ ਬਣ ਸਕਣਗੀਆਂ। ਇਸ ਤੋਂ ਇਲਾਵਾ ਗਰਮੀਆਂ ਦੀ ਧੁੱਪ ਵਿੱਚ ਮਿਹਨਤਕਸ਼ ਰੇਹੜੀ ਵਾਲਿਆਂ ਦੀ ਸਹੂਲਤ ਲਈ ਛਤਰੀਆਂ ਵੀ ਵੰਡੀਆਂ ਜਾਣਗੀਆਂ। ਤਾਂ ਜੋ ਅੱਗ ਵਰ੍ਹਦੀ ਗਰਮੀ ਵਿੱਚ ਉਨ੍ਹਾਂ ਨੂੰ ਧੁੱਪ ਤੋਂ ਰਾਹਤ ਮਿਲ ਸਕੇ। ਇਸ ਤੋਂ ਇਲਾਵਾ ਕਈ ਹੋਰ ਪ੍ਰੋਜੈਕਟਾਂ ਨੂੰ ਵੀ ਆਪਸੀ ਵਿਚਾਰ ਵਟਾਂਦਰੇ ਤੋਂ ਬਾਅਦ ਅੰਤਿਮ ਰੂਪ ਦਿੱਤਾ ਜਾਵੇਗਾ। ਇਸ ਮੌਕੇ ਜੇ.ਸੀ ਪੁਸ਼ਪਿੰਦਰ, ਜੋਤੀ ਅਤੇ ਰੋਜ਼ੀ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਪ.ਸ.ਸ.ਫ. ਦੀ ਸੂਬਾ ਪੱਧਰੀ ਮੀਟਿੰਗ ਹੋਈ ਸੰਘਰਸ਼ ਦਾ ਪ੍ਰੋਗਰਾਮ ਉਲੀਕਿਆ ਗਿਆ






ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੀ ਸੂਬਾ ਫੈਡਰਲ ਕੌਂਸਲ ਦੀ ਮੀਟਿੰਗ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ।ਜਿਸ ਵਿੱਚ ਸੂਬਾ ਕਮੇਟੀ ਮੈਂਬਰਾਂ ਵਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਜੱਥੇਬੰਦੀ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਮੀਟਿੰਗ ਵਿਚ ਸਭ ਤੋਂ ਪਹਲਿਾਂ ਪਿਛਲੀ ਮੀਟਿੰਗ ਤੋਂ ਲੈ ਕੇ ਹੁਣ ਤੱਕ ਵਿਛੋੜਾ ਦੇ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਸਾਂਝੇ ਫਰੰਟ, ਪ.ਸ.ਸ.ਫ.ਅਤੇ ਵੱਖ ਵੱਖ ਜੱਥੇਬੰਦੀਆਂ ਵਲੋਂ ਪਿਛਲੇ ਸਮੇਂ ਦੌਰਾਨ ਕੀਤੇ ਸੰਘਰਸ਼ਾਂ ਅਤੇ ਗਤੀਵਿਧੀਆਂ ਦਾ ਰਿਵਿਊ ਕੀਤਾ ਗਿਆ। ਇਸ ਤੋਂ ਬਾਅਦ ਕਾਨਪੁਰ ਵਿਖੇ 28-29 ਦਸੰਬਰ ਨੂੰ ਹੋਈ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਕੌਮੀਂ ਮੀਟਿੰਗ ਦੀ ਰਿਪੋਰਟਿੰਗ ਸਾਥੀ ਸਤੀਸ਼ ਰਾਣਾ ਵਲੋਂ ਕੀਤੀ ਗਈ।ਇਸ ਕੌਮੀਂ ਮੀਟਿੰਗ ਵਿੱਚ ਉਲੀਕੇ ਸੰਘਰਸ਼ਾਂ ਸਬੰਧੀ ਜਣਕਾਰੀ ਦਿੰਦਿਆਂ ਸਾਥੀ ਰਾਣਾ ਨੇ ਦੱਸਿਆ ਕਿ ਮੀਟਿੰਗ ਵਿੱਚ ਐਲਾਨ ਕੀਤਾ ਗਿਆ ਕਿ ਮਿਤੀ 7 ਅਤੇ 8 ਫਰਵਰੀ ਨੂੰ ਦਿਨ ਰਾਤ ਦੇ 24 ਘੰਟੇ ਦੇ ਜ਼ਿਲ੍ਹਾ ਪੱਧਰੀ ਧਰਨੇ ਲਗਾਏ ਜਾਣਗੇ, 8 ਮਾਰਚ ਨੂੰ ਕੌਮਾਂਤਰੀ ਇਸਤਰੀ ਦਿਵਸ ਜ਼ਿਲਾ ਪੱਧਰ ਤੇ ਮਨਾਇਆ ਜਾਵੇਗਾ।ਪ.ਸ.ਸ.ਫ. ਦੀ ਮੀਟਿੰਗ ਵਿੱਚ ਹਾਜਰ ਆਗੂਆਂ ਵਲੋਂ ਵਿਚਾਰ ਚਰਚਾ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਆਲ ਇੰਡੀਆ ਦੇ ਸੱਦੇ ਅਨੁਸਾਰ ਮਿਤੀ 7-8 ਫਰਵਰੀ ਨੂੰ ਜ਼ਿਲ੍ਹਾ ਪੱਧਰ ਤੇ ਪ.ਸ.ਸ.ਫ. ਵਲੋਂ 24 ਘੰਟੇ ਦੇ ਵਿਸ਼ਾਲ ਧਰਨੇ ਮਾਰੇ ਜਾਣਗੇ। ਸੰਘਰਸ਼ ਨੂ ਅੱਗੇ ਤੋਰਦਿਆਂ ਫੈਸਲਾ ਕੀਤਾ ਗਿਆ ਕਿ ਮਿਤੀ 8 ਅਪ੍ਰੈਲ ਨੂੰ ਜਲੰਧਰ ਵਿਖੇ ਪ.ਸ.ਸ.ਫ. ਵਲੋਂ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਜਨਵਰੀ ਮਹੀਨੇ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਕੇ ਸੰਘਰਸ਼ਾਂ ਦੀ ਤਿਆਰੀ ਕਰਨ ਦੀ ਅਪੀਲ ਕੀਤੀ ਗਈ। ਸੂਬਾ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਵਲੋਂ ਵਿੱਤ ਦੀ ਰਿਪੋਰਟ ਪੇਸ਼ ਕਰਦਿਆਂ ਪਿਛਲਾ ਰਹਿੰਦਾ ਫੰਡ ਅਤੇ ਕਲੰਡਰ 2025 ਦੀ ਰਾਸ਼ੀ ਜਲਦ ਜਮਾਂ ਕਰਾਉਣ ਦੀ ਅਪੀਲ ਕੀਤੀ।ਵੱਖ ਵੱਖ ਜੱਥੇਬੰਦੀਆਂ ਵਲੋਂ ਆਪਣੇ ਚੱਲ ਰਹੇ ਸੰਘਰਸ਼ਾਂ ਸਬੰਧੀ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਜਤਿੰਦਰ ਕੁਮਾਰ,ਪੁਸ਼ਪਿੰਦਰ ਵਿਰਦੀ, ਪ੍ਰੇਮ ਚੰਦ ਆਜ਼ਾਦ, ਬਲਜਿੰਦਰ ਸਿੰਘ, ਬੀਰਇੰਦਰਜੀਤ ਪੁਰੀ, ਬਲਵਿੰਦਰ ਭੁੱਟੋ, ਬੋਬਿੰਦਰ ਸਿੰਘ,ਲਖਵਿੰਦਰ ਸਿੰਘ, ਗੁਰਦੇਵ ਸਿੰਘ ਸਿੱਧੂ, ਕੌਰ ਸਿੰਘ,ਕਮਲਜੀਤ ਕੌਰ,ਜਸਵਿੰਦਰ ਟਾਹਲੀ,ਦਵਿੰਦਰ ਸਿੰਘ, ਸੁਖਵਿੰਦਰ ਸਿੰਘ,ਕੁਲਦੀਪ ਵਾਲੀਆ,ਅਜੀਤ ਸਿੰਘ,ਸਤਨਾਮ ਸਿੰਘ,ਭਵੀਸ਼ਨ ਲਾਲ,ਜੋਗਿੰਦਰ ਸਿੰਘ ਆਦਿ ਆਗੂ ਵੀ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਮਾਘੀ ਮੌਕੇ ਲਗਾਇਆ ਸਬਜੀਆਂ ਦਾ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਉਪਰਾਲੇ ਸਦਕਾ ਮਾਘੀ ਮੌਕੇ ਵਾਰਡ ਨੰ: 21 ਅਧੀਨ ਸਥਾਨਕ ਖੇੜਾ ਰੋਡ ’ਤੇ ਸਬਜੀ ਦੀ ਰੇਹੜੀ ਲਗਾ ਕੇ ਮੁਹੱਲਾ ਪ੍ਰੇਮ ਨਗਰ, ਮਾਸਟਰ ਸਾਧੂ ਰਾਮ ਨਗਰ, ਗੁਰੂ ਨਾਨਕ ਪੁਰਾ ਅਤੇ ਖੇੜਾ ਰੋਡ ਦੇ ਵਸਨੀਕਾਂ ਤੇ ਰਾਹਗੀਰਾਂ ਨੂੰ ਸਬਜ਼ੀਆਂ ਬਿਲਕੁਲ ਫਰੀ ਵੰਡੀਆਂ ਗਈਆਂ। ਇਸ ਦੌਰਾਨ ਮਲਕੀਅਤ ਸਿੰਘ ਰਘਬੋਤਰਾ ਨੇ ਹਰੀਆਂ ਸਬਜੀਆਂ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਲੋਕਾਂ ਨੂੰ ਪੌਸ਼ਟਿਕ ਆਹਾਰ ਵਜੋਂ ਹਰੀਆਂ ਸਬਜ਼ੀਆਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਵਿੱਚ ਸ਼ਾਮਲ ਕਰਨ ਲਈ ਪ੍ਰੇਰਿਤ ਕਰਨਾ ਹੈ। ਹਰੀਆਂ ਸਬਜ਼ੀਆਂ ਵਿਟਾਮਿਨਾਂ ਦਾ ਭੰਡਾਰ ਹੁੰਦੀਆਂ ਹਨ। ਉਹਨਾਂ ਦੱਸਿਆ ਕਿ ਅੱਜ ਚਾਰ ਕੁਇੰਟਲ ਸਬਜੀਆਂ ਦੀ ਫਰੀ ਵੰਡ ਕੀਤੀ ਗਈ ਹੈ। ਉਹਨਾਂ ਭਰੋਸਾ ਦਿੱਤਾ ਕਿ ਇਹ ਸੇਵਾ ਅੱਗੇ ਵੀ ਨਿਰੰਤਰ ਜਾਰੀ ਰਹੇਗੀ। ਸਬਜੀਆਂ ਵੰਡਣ ਦੀ ਸੇਵਾ ਮਲਅਕੀਤ ਸਿੰਘ ਰਘਬੋਤਰਾ ਤੋਂ ਇਲਾਵਾ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਵਿਜੇ ਕੁਮਾਰ ਅਤੇ ਸੁਸਾਇਟੀ ਦੇ ਅਹੁਦੇਦਾਰਾਂ ਵਲੋਂ ਨਿਭਾਈ ਗਈ।

ਰੋਜ਼ਾਨਾ ਲੋਕ ਬਾਣੀ www.lokbani

# ਬਲੱਡ ਬੈਂਕ ਫਗਵਾੜਾ ‘ਚ ਲਗਾਇਆ ਦੰਦਾਂ ਤੇ ਜਬਾੜਿਆਂ ਦਾ 445ਵਾਂ ਲੜੀਵਾਰ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ ) ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 445ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਦੰਦਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਵਿਨੀਤ ਭਾਟੀਆ ਵਲੋਂ ਦੀਪ ਪ੍ਰਜੱਵਲਿਤ ਕਰਕੇ ਕੀਤਾ ਗਿਆ। ਉਹਨਾਂ 5 ਲੋੜਵੰਦ ਬਜੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡਣ ਉਪਰੰਤ ਆਪਣੇ ਸੰਬੋਧਨ ਵਿਚ ਜਿੱਥੇ ਬਲੱਡ ਬੈਂਕ ਦੇ ਸਮਾਜ ਸੇਵੀ ਉਪਰਾਲਿਆਂ ਦੀ ਸ਼ਲਾਘਾ ਕੀਤੀ, ਉੱਥੇ ਹੀ ਹਾਜਰੀਨ ਨੂੰ ਦੰਦਾਂ ਦੀ ਸੰਭਾਲ ਬਾਰੇ ਮਹੱਤਵਪੂਰਣ ਜਾਣਕਾਰੀ ਵੀ ਦਿੱਤੀ। ਇਸ ਤੋਂ ਪਹਿਲਾਂ ਉਹਨਾਂ ਦਾ ਸਵਾਗਤ ਰੋਟੇਰੀਅਨ ਐਸ.ਪੀ. ਸੇਠੀ ਵਲੋਂ ਕੀਤਾ ਗਿਆ। ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਡਾ. ਸਾਹਿਲ ਪਾਲ ਦੀ ਅਗਵਾਈ ਹੇਠ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 110 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜੇ ਬਣਾਉਣ ਦੀ ਤੀਸਰੀ ਪ੍ਰਕਿਰਿਆ ਪੂਰੀ ਕੀਤੀ ਗਈ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 11 ਫਰਵਰੀ ਦਿਨ ਸ਼ਨੀਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਕੁਲਦੀਪ ਦੁੱਗਲ, ਰਮਨ ਨਹਿਰਾ, ਗੁਲਸ਼ਨ ਕਪੂਰ, ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਨਰਿੰਦਰ ਸਿੰਘ ਸੈਣੀ, ਰੂਪ ਲਾਲ, ਮੁਕੇਸ਼ ਦੁੱਗਲ, ਵਿਪਨ ਜੈਨ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਟੀ.ਬੀ.ਦੀ ਜਾਂਚ ਲਈ ਮੁ.ਫਤ ਕੈਂਪ ਜਾਰੀ




ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਟੀ.ਬੀ.ਮੁਕਤ ਭਾਰਤ ਅਭਿਆਨ ਤਹਿਤ ਚਲ ਰਹੀ 100 ਦਿਨਾਂ ਟੀ.ਬੀ. ਮੁਕਤ ਭਾਰਤ ਅਭਿਆਨ ਜਿਲ੍ਹੇ ਵਿਚ ਜਾਰੀ ਹੈ। 7 ਦਸੰਬਰ 2024 ਤੋਂ ਸ਼ੁਰੂ ਹੋਈ ਇਹ ਮੁਹਿੰਮ 24 ਮਾਰਚ 2025 ਨੂੰ ਮੁੱਕੰਮਲ ਹੋਏਗੀ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਦਸਿਆ ਕਿ ਮੁਹਿੰਮ ਦਾ ਉਦੇਸ਼ ਟੀ.ਬੀ.ਨੂੰ ਜੜੋਂ ਖਤਮ ਕਰਨਾ ਹੈ। ਓਹਨਾਂ ਇਹ ਵੀ ਦਸਿਆ ਕਿ ਇਸ ਮੁਹਿੰਮ ਤਹਿਤ ਜਿਲ੍ਹੇ ਭਰ ਵਿਚ ਟੀ.ਬੀ. ਸਕਰੀਨਿੰਗ ਕੈਂਪ ਲਗਾਏ ਜਾ ਰਹੇ ਹਨ। ਜਿਸ ਵਿਚ ਮਰੀਜ਼ਾਂ ਦੀ ਮੁ.ਫਤ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾ ਕੇ ਸਰਵੇ ਵੀ ਕੀਤਾ ਜਾ ਰਿਹਾ ਹੈ ਤੇ ਸ਼ੱਕੀ ਮਰੀਜ਼ਾਂ ਦੇ ਥੁੱਕ ਦੇ ਨਮੂਨੇ ਮੋਕੇ ਤੇ ਹੀ ਲਈ ਕੇ ਮਾਈਕ੍ਰੋਸਕੋਪਿਕ ਸੈਂਟਰ ਵਿਖੇ ਭੇਜੇ ਜਾਂਦੇ ਹਨ। ਉਸ ਤੋਂ ਬਾਅਦ ਇਹਨਾਂ ਨਮੂਨਿਆਂ ਦੀ ਸੀ ਬੀ ਨੈਟ ਮਸ਼ੀਨ ਰਾਹੀਂ ਜਾਂਚ ਕੀਤੀ ਜਾਂਦੀ ਹੈ ਤੇ ਜੇਕਰ ਰਿਪੋਰਟ ਪੋਜ਼ੀਟਿਵ ਨਿਕਲਦੀ ਹੈ ਤਾਂ ਉਸ ਮਰੀਜ਼ ਦਾ ਇਲਾਜ਼ ਮੁ.ਫਤ ਕੀਤਾ ਜਾਂਦਾ ਹੈ। ਡਾਕਟਰ ਰਿਚਾ ਭਾਟੀਆ ਨੇ ਇਹ ਵੀ ਦਸਿਆ ਕਿ ਟੀ.ਬੀ.ਪੋਜ਼ੀਟਿਵ ਆਉਣ ਵਾਲੇ ਮਰੀਜ਼ ਦੇ ਘਰਦਿਆਂ ਦੇ ਟੈਸਟ ਵੀ ਮੁ.ਫਤ ਕੀਤੇ ਜਾਂਦੇ ਹਨ। ਡਾ.ਰਿਚਾ ਭਾਟੀਆ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਿਹਤ ਵਿਭਾਗ ਦੀਆਂ ਟੀਮਾਂ ਦਾ ਸਹਯੋਗ ਕਰਨ ਤਾਂ ਜੋ ਮੁਹਿੰਮ ਨੂੰ ਸਫਲ ਕੀਤਾ ਜਾ ਸਕੇ ਅਤੇ ਟੀ.ਬੀ.ਮੁਕਤ ਭਾਰਤ ਦੀ ਸਿਰਜਣਾ ਕੀਤੀ ਜਾ ਸਕੇ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕਮਲਾ ਨਹਿਰੂ ਕਾਲਜ ਫਾਰ ਵੂਮੈਨ ਨੇ ਪਾਇਨੀਅਰਿੰਗ ਗ੍ਰੀਨ ਕੈਮਿਸਟਰੀ ਬੁੱਕ ਲਾਂਚ ਕੀਤੀ

ਫ਼ਗਵਾੜਾ (ਸੁਸ਼ੀਲ ਸ਼ਰਮਾਸ਼) ਵਿਗਿਆਨ ਵਿੱਚ ਟਿਕਾਊ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਨੇ ਆਪਣੇ ਨਵੀਨਤਮ ਪ੍ਰਕਾਸ਼ਨ,ਗ੍ਰੀਨ ਕੈਮਿਸਟਰੀ: ਸਲਿਊਸ਼ਨਜ਼ ਫਾਰ ਏ ਕਲੀਨਰ ਫਿਊਚਰ ਨੂੰ ਮਾਣ ਨਾਲ ਲਾਂਚ ਕੀਤਾ ਹੈ,ਜਿਸਦੀ ਲੇਖਕ ਸ਼੍ਰੀਮਤੀ ਪਿੰਕੀ, ਰਸਾਇਣ ਵਿਗਿਆਨ ਦੀ ਸਹਾਇਕ ਪ੍ਰੋਫੈਸਰ ਹੈ। ਇਹ ਮਹੱਤਵਪੂਰਨ ਕਿਤਾਬ ਵਿਦਿਆਰਥੀਆਂ ਅਤੇ ਸਿੱਖਿਅਕਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਨਵੀਨਤਾਕਾਰੀ ਰਣਨੀਤੀਆਂ ਨਾਲ ਲੈਸ ਕਰਨ ਲਈ ਤਿਆਰ ਕੀਤੀ ਗਈ ਹੈ ਅਤੇ ਕਾਲਜ ਵਿੱਚ ਕਮਲਾ ਨਹਿਰੂ ਕਾਲਜ ਦੇ ਪ੍ਰਿੰਸੀਪਲ ਡਾ.ਸਵਿੰਦਰ ਪਾਲ ਦੁਆਰਾ ਇਸ ਦਾ ਉਦਘਾਟਨ ਕੀਤਾ ਗਿਆ ਸੀ।

ਡਾ.ਸਵਿੰਦਰ ਪਾਲ ਨੇ ਅਕਾਦਮਿਕ ਪਾਠਕ੍ਰਮ ਵਿੱਚ ਗ੍ਰੀਨ ਕੈਮਿਸਟਰੀ ਦੇ ਸਿਧਾਂਤਾਂ ਨੂੰ ਜੋੜਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਇਹ ਕਿਤਾਬ ਸਿਰਫ਼ ਇੱਕ ਸਰੋਤ ਨਹੀਂ ਹੈ; ਇਹ ਸਾਡੇ ਵਿਦਿਆਰਥੀਆਂ ਲਈ ਇੱਕ ਟਿਕਾਊ ਭਵਿੱਖ ਵਿੱਚ ਸ਼ਾਮਲ ਹੋਣ ਅਤੇ ਯੋਗਦਾਨ ਪਾਉਣ ਲਈ ਕਾਰਵਾਈ ਦਾ ਸੱਦਾ ਹੈ,ਉਨ੍ਹਾਂ ਨੇ ਲਾਂਚ ਦੌਰਾਨ ਕਿਹਾ। ਉਨ੍ਹਾਂ ਨੇ ਟਿਕਾਊਤਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕਾਲਜ ਦੀ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ,ਵਿਦਿਆਰਥੀਆਂ ਨੂੰ ਆਪਣੀ ਸਿੱਖਿਆ ਦੀ ਮਾਲਕੀ ਲੈਣ ਅਤੇ ਇਹਨਾਂ ਸਿਧਾਂਤਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਲਾਗੂ ਕਰਨ ਦੀ ਅਪੀਲ ਕੀਤੀ। ਵਾਈਸ ਪ੍ਰਿੰਸੀਪਲ, ਡਾ.ਗੁਰਿੰਦਰ ਕੌਰ ਨੇ ਵੀ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਸਿੱਖਿਆ ਦੀ ਭੂਮਿਕਾ ਨੂੰ ਉਜਾਗਰ ਕਰਦੇ ਹੋਏ ਆਪਣੇ ਵਿਚਾਰ ਸਾਂਝੇ ਕੀਤੇ। ਸਿੱਖਿਅਕ ਹੋਣ ਦੇ ਨਾਤੇ, ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਅਗਲੀ ਪੀੜ੍ਹੀ ਨੂੰ ਧਰਤੀ ਤੇ ਉਨ੍ਹਾਂ ਦੀਆਂ ਕਾਰਵਾਈਆਂ ਦੇ




ਪ੍ਰਭਾਵ ਬਾਰੇ ਗੰਭੀਰਤਾ ਨਾਲ ਸੋਚਣ ਲਈ ਪ੍ਰੇਰਿਤ ਕਰੀਏ,' ਉਨ੍ਹਾਂ ਨੇ ਟਿੱਪਣੀ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਫਾਰਮਾਸਿਊਟੀਕਲ ਤੋਂ ਲੈ ਕੇ ਖੇਤੀਬਾੜੀ ਤੱਕ ਵੱਖ-ਵੱਖ ਖੇਤਰਾਂ ਵਿੱਚ ਗ੍ਰੀਨ ਕੈਮਿਸਟਰੀ ਦੇ ਵਿਹਾਰਕ ਉਪਯੋਗਾਂ ਦੀ ਪੜਚੋਲ ਕਰਨ ਲਈ ਉਤਸ਼ਾਹਿਤ ਕੀਤਾ,ਇਸ ਵਿਚਾਰ ਨੂੰ ਹੋਰ ਮਜ਼ਬੂਤ ਕਰਦੇ ਹੋਏ ਕਿ ਹਰ ਛੋਟੀ ਜਿਹੀ ਕੋਸ਼ਿਸ਼ ਵਾਤਾਵਰਣ ਦੇ ਵਿਗਾੜ ਵਿਰੁੱਧ ਲੜਾਈ ਵਿੱਚ ਮਾਇਨੇ ਰੱਖਦੀ ਹੈ।

# ਗਣਤੰਤਰ ਦਿਵਸ ਮੌਕੇ ਕੈਬਨਿਟ ਮੰਤਰੀ ਡਾ ਰਵਜੋਤ ਸਿੰਘ ਲਹਿਰਾਉਣਗੇ ਤਿਰੰਗਾ

ਮਾਲੇਰਕੋਟਲਾ, :(ਕਿੰਮੀ ਅਰੋੜਾ,ਅਸਲਮ ਨਾਜ਼) ਸਥਾਨਕ ਡਾਕਟਰ ਜ਼ਾਕਿਰ ਹੁਸੈਨ ਸਟੇਡੀਅਮ ਵਿਖੇ 26 ਜਨਵਰੀ ਮਨਾਏ ਜਾਣ ਵਾਲੇ ਗਣਤੰਤਰਤਾ ਦਿਵਸ ਮੌਕੇ ਪੰਜਾਬ ਦੇ ਸਥਾਨਕ ਸਰਕਾਰ ਅਤੇ ਸੰਸਦੀ ਮਾਮਲੇ ਮੰਤਰੀ ,ਪੰਜਾਬ ਕੌਮੀ ਝੰਡਾ ਲਹਿਰਾਉਣਗੇ।

ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਦੇ ਮੱਦੇਨਜ਼ਰ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਮਾਗਮ ਦੇ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸਮੁੱਚੇ ਇੰਤਜ਼ਾਮ ਨਿਰਧਾਰਤ ਸਮੇਂ ਵਿਚ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਸਕੂਲੀ ਵਿਦਿਆਰਥੀਆਂ ਅਤੇ ਹੋਰਨਾਂ ਵਿਭਾਗਾਂ ਦੇ ਮੁਲਾਜ਼ਮਾਂ ਵਲੋਂ ਰਿਹਰਸਲ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਲਈ ਹਰ ਪੱਖੋਂ ਪੁਖਤਾ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਫੁੱਲ ਡਰੈਸ ਰਿਹਰਸਲ 24 ਜਨਵਰੀ ਨੂੰ ਹੋਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਅਤੇ ਸਟੇਡੀਅਮ ਵਿਖੇ ਸਾਫ਼-ਸਫ਼ਾਈ ਅਤੇ ਢੁਕਵੀਂ ਸੁੰਦਰਤਾ ਤੇ ਸਜਾਵਟ ਨੂੰ ਵੀ ਤਵੱਜੋਂ ਦਿੰਦਿਆਂ ਠੰਡ ਦੇ ਮੌਸਮ ਨੂੰ ਧਿਆਨ 'ਚ ਰੱਖਦਿਆਂ ਰਿਹਰਸਲ ਦੌਰਾਨ ਸਕੂਲੀ ਵਿਦਿਆਰਥੀਆਂ ਲਈ ਵੀ ਲੋੜੀਂਦੇ ਇੰਤਜਾਮਾਂ 'ਚ ਕੋਈ ਕਮੀ ਨਹੀਂ ਰਹਿਣੀ ਚਾਹੀਦੀ। ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਣਤੰਤਰ ਦਿਵਸ ਮੌਕੇ ਅਤੇ ਰਿਹਰਸਲ ਵਾਲੇ ਦਿਨ ਸਟੇਡੀਅਮ ਵਿਖੇ ਮੈਡੀਕਲ ਟੀਮਾਂ ਦੀ ਤਾਇਨਾਤੀ ਨੂੰ ਯਕੀਨੀ ਬਣਾਇਆ ਜਾਵੇ । ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਵਿਘਨ ਬਿਜਲੀ ਦੀ ਸਪਲਾਈ ,ਪੀਣ ਯੋਗ ਪਾਣੀ ਦੀ ਵਿਵਸਥਾ,ਪਖਾਨਿਆਂ



ਦੀ ਸਾਫ ਸਫਾਈ,ਨਿਰਵਿਘਨ ਟਰੈਫਿਕ ਦੀ ਵਿਵਸਥਾ ਆਦਿ ਬਣਾਈ ਰੱਖਣ ਦੇ ਆਦੇਸ਼ ਦਿੱਤੇ । ਵਧੀਕ ਡਿਪਟੀ ਕਮਿਸ਼ਨਰ ਨੇ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ ਪ੍ਰਬੰਧਾਂ, ਨਗਰ ਕੌਂਸਲ ਅਤੇ ਹੋਰ ਵਿਭਾਗਾਂ ਨੂੰ ਉਨ੍ਹਾਂ ਦੀਆਂ ਡਿਊਟੀਆਂ ਸਬੰਧੀ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪਰੇਡ ਵਿਚ ਪੰਜਾਬ ਪੁਲਿਸ, ਪੰਜਾਬ ਪੁਲਿਸ ਮਹਿਲਾ ਵਿੰਗ, ਐਨ.ਸੀ.ਸੀ., ਹੋਮ ਗਾਰਡਜ ਦੇ ਜਵਾਨਾਂ ਦੀਆਂ ਟੁਕੜੀਆਂ ਹਿੱਸਾ ਲੈਣਗੀਆਂ। ਇਸ ਤੋਂ ਇਲਾਵਾ ਵੱਖ ਵੱਖ ਵਿਭਾਗ ਦੀ ਕਾਰਗੁਜਾਰੀ ਅਤੇ ਲੋਕ ਭਲਾਈ ਸਕੀਮਾਂ ਨੂੰ ਦਰਸਾਉਂਦੀਆਂ ਝਾਕੀਆਂ ਵੀ ਪੇਸ਼ ਕੀਤੀਆਂ ਜਾਣਗੀਆਂ ।

ਇਸ ਮੌਕੇ ਸਹਾਇਕ ਕਮਿਸ਼ਨਰ ਕਮ ਐਸ.ਡੀ.ਐਮ. ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਵੈਭਵ ਸਹਿਗਲ,ਡੀ.ਡੀ.ਪੀ.ਓ ਰਿਪੀ ਗਰਗ,ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ, ਕਾਰਜ ਸਾਧਕ ਅਫ਼ਸਰ ਇੰਪਰੂਵਮੈਂਟ ਟਰੱਸਟ ਨੀਰੂ ਬਾਲਾ,ਸੀ.ਡੀ.ਪੀ.ਓ ਪਵਨ ਕੁਮਾਰ,ਪ੍ਰਿੰਸੀਪਲ ਆਰਤੀ ਗੁਪਤਾ, ਸਲੀਮ ਜੁਬੈਰੀ,ਡੀ.ਐਮ.ਸੀ. ਆਬਕਾਰੀ ਇੰਸਪੈਕਟਰ ਜਲਜੀਤ ਸਿੰਘ,ਐਸ.ਡੀ.ਓ ਪੀ.ਐਸ.ਪੀ.ਸੀ.ਐਲ. ਇੰਜ. ਬਲਵਿੰਦਰ ਸਿੰਘ ,ਜਸਪ੍ਰੀਤ ਸਿੰਘ,ਐਸ.ਡੀ.ਓ ਹਰਮੀਤ ਸਿੰਘ, ਹਰਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ ।

# ਬੱਸ ਚੋਂ ਡਿੱਗਣ ਕਾਰਨ ਔਰਤ ਦੀ ਮੌਤ , ਧੀ ਜ਼ਖਮੀ



ਸ਼ੇਰਪੁਰ , (ਲੋਕ ਬਾਣੀ)- ਅੱਜ ਤੜਕਸਾਰ ਹੀ ਬਰਨਾਲਾ ਤੋਂ ਚੰਡੀਗੜ੍ਹ ਜਾਂ ਰਹੀ ਪੀਆਰਟੀਸੀ ਦੀ ਬੱਸ ਵਿੱਚੋਂ ਕਾਤਰੋਂ-ਘਨੌਰੀ ਦੇ ਕੋਲ ਦੋ ਮਾਵਾਂ- ਧੀਆਂ ਬੱਸ ਵਿੱਚੋਂ ਡਿੱਗ ਗਈਆਂ ਜਿਸ ਕਰਕੇ ਮਾਂ ਦੀ ਮੌਕੇ ਤੇ ਮੌਤ ਹੋ ਗਈ ਅਤੇ ਧੀ ਗੰਭੀਰ ਰੂਪ ਵਿੱਚ ਜਖਮੀ ਹੋ ਗਈ । ਜਾਣਕਾਰੀ ਅਨੁਸਾਰ ਦੋਵੇਂ ਮਾਵਾਂ ਧੀਆਂ ਪਿੰਡ ਸੰਘੇੜਾ ਤੋਂ ਬੱਸ ਵਿੱਚ ਸਵਾਰ ਹੋ ਕੇ ਨਾਭਾ ਜਾਣ ਲਈ ਰਵਾਨਾ ਹੋਈਆਂ ਸਨ। ਪਿੰਡ ਕਾਤਰੋਂ ਤੇ ਘਨੌਰੀ ਦੇ ਵਿਚਕਾਰ ਪੈਂਦੇ ਪਿੰਡ ਚਾਂਗਲੀ ਮੋੜ ਤੇ ਅਚਾਨਕ ਇਹ ਘਟਨਾ ਵਾਪਰ ਗਈ । ਜਿਸ ਵਿੱਚ ਸੀਮਾ ਉਰਫ ਨੀਨਾ (30) ਪਤਨੀ ਰਵੀ ਕੁਮਾਰ ਵਾਸੀ ਸੰਘੇੜਾ ਦੀ ਮੌਕੇ ਤੇ ਮੌਤ ਹੋ ਗਈ ਤੇ ਧੀ (7) ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਦੋਵਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਧੂਰੀ ਵਿਖੇ ਲਜਾਇਆ ਗਿਆ ਜਿੱਥੇ ਡਾਕਟਰਾਂ ਨੇ ਸੀਮਾ ਨੂੰ ਮ੍ਰਿਤਕ ਐਲਾਨ ਦਿੱਤਾ। ਲੋਕਾਂ ਅਨੁਸਾਰ ਮਾਂ ਆਪਣੀ ਕੁੜੀ ਨੂੰ ਬੱਸ ਦੀ ਪਿਛਲੀ ਬਾਰੀ ਵਿੱਚੋਂ ਉਲਟੀ ਕਰਵਾ ਰਹੀ ਸੀ ਜਿਸ ਕਰਕੇ ਅਚਾਨਕ ਇਹ ਘਟਨਾ ਵਾਪਰੀ। ਮ੍ਰਿਤਕ ਦੇ ਪਤੀ ਅਨੁਸਾਰ ਬੱਸ ਦੀ ਸਪੀਡ ਜ਼ਿਆਦਾ ਹੋਣ ਕਰਕੇ ਇਹ ਘਟਨਾ ਵਾਪਰੀ ਹੈ ,ਜਦਕਿ ਕੰਡਕਟਰ ਦਾ ਇਹ ਕਹਿਣਾ ਸੀ ਕਿ ਧੁੰਦ ਕਾਰਨ ਬੱਸ ਦੀ ਸਪੀਡ ਬਿਲਕੁਲ ਹੌਲੀ ਸੀ ।

# ਡਿਪਟੀ ਕਮਿਸ਼ਨਰ ਵੱਲੋਂ 17 ਜਨਵਰੀ 2025 ਨੂੰ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ ਅਧੀਨ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਛੁੱਟੀ ਦਾ ਐਲਾਨ




ਮਾਲੇਰਕੋਟਲਾ, :( ਕਿੰਮੀ ਅਰੋੜਾ,ਅਸਲਮ ਨਾਜ਼) ਸਰਵ ਪ੍ਰਥਮ ਕੂਕਾ ਅੰਦੋਲਨ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਸਤਿਕਾਰ ਵੱਜੋਂ ਡਿਪਟੀ ਕਮਿਸ਼ਨਰ ਡਾ.ਪੱਲਵੀ ਨੇ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ 1881 ਦੀ ਧਾਰਾ 25 ਦੇ ਤਹਿਤ ਮਿਤੀ 17 ਜਨਵਰੀ 2025 ਦਿਨ ਸ਼ੁਕਰਵਾਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਦੇ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ, ਪ੍ਰਾਈਵੇਟ ਸਕੂਲਾਂ, ਵਿੱਦਿਅਕ ਅਦਾਰਿਆਂ, ਯੂਨੀਵਰਸਿਟੀ, ਕਾਲਜ, ਬੈਂਕਾਂ ਆਦਿ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ ਤਾਂ ਜੋ ਲੋਕ ਇਸ ਸਮਾਰੋਹ ਵਿੱਚ ਭਾਗ ਲੈ ਸਕਣ।

ਡਿਪਟੀ ਕਮਿਸ਼ਨਰ ਡਾ. ਪੱਲਵੀ ਕਿਹਾ ਕਿ ਇਹ ਹੁਕਮ ਵਿੱਦਿਅਕ ਅਦਾਰਿਆਂ, ਯੂਨੀਵਰਸਿਟੀਆਂ,ਬੋਰਡਾਂ,ਸਕੂਲਾਂ ਆਦਿ ਜਿਨ੍ਹਾਂ ਵਿੱਚ ਪ੍ਰੀਖਿਆਵਾਂ ਚੱਲ ਰਹੀਆਂ ਹਨ 'ਤੇ ਲਾਗੂ ਨਹੀਂ ਹੋਣਗੇ।

# ਨਕਸ਼ਾ ਪਾਸ ਹੋਣ ਉਪਰੰਤ ਹੀ ਕਰਵਾਈ ਜਾਵੇ ਉਸਾਰੀ-ਅਨੁਪਮ ਕਲੇਰ




ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਕਮਿਸ਼ਨਰ ਅਨੁਪਮ ਕਲੇਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਪੂਰਥਲਾ ਨਗਰ ਨਿਗਮ ਦੀ ਹਦੂਦ ਅੰਦਰ ਕਿਸੇ ਵੀ ਤਰ੍ਹਾਂ ਦੀ ਉਸਾਰੀ ਦੇ ਲਈ ਆਨਲਾਈਨ ਨਕਸ਼ਾ ਪਾਸ ਕਰਵਾਇਆ ਜਾਣਾ ਯਕੀਨੀ ਬਣਾਇਆ ਜਾਵੇ ਅਤੇ ਨਗਰ ਨਿਗਮ ਵਲੋਂ ਨਕਸ਼ਾ ਪਾਸ ਹੋਣ ਉਪਰੰਤ ਹੀ ਉਸਾਰੀ ਦਾ ਕੰਮ ਸ਼ੁਰੂ ਕਰਵਾਇਆ ਜਾਵੇ।

ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਵਲੋਂ ਅਣ-ਅਧਿਕਾਰਤ ਉਸਾਰੀ ਬਿਨ੍ਹਾਂ ਨਕਸ਼ਾ ਪਾਸ ਦੇ ਕਰਵਾਈ ਜਾਂਦੀ ਹੈ ਤਾਂ ਉਸ ਵਿਰੁੱਧ ਪੰਜਾਬ ਮਿਊਂਸਪਲ ਕਾਰਪੋਰੇਸ਼ਨ ਐਕਟ 1976 ਅਧੀਨ ਬਣਦੀ ਕਾਨੂੰਨੀ ਅਮਲ ਵਿਚ ਲਿਆਂਦੀ ਜਾਵੇਗੀ।

# ਕਾਨਪੁਰ ਵਿੱਚ ਮੌਤ ਵਾਂਗ ਘੁੰਮ ਰਹੇ ਕੁੱਤਿਆਂ ਨੇ ਇੱਕ ਯੋਗਾ ਅਧਿਆਪਕਾ ਨੂੰ ਉਸਦੀ ਵਿਆਹ ਦੀ ਵਰ੍ਹੇਗੰਢ ਤੋਂ ਪਹਿਲਾਂ ਮਾਰ ਦਿੱਤਾ

ਕਾਨਪੁਰ।(ਸੁਨੀਲ ਬਾਜਪਾਈ) ਉੱਤਰ ਪ੍ਰਦੇਸ਼ ਦਾ ਆਰਥਿਕ ਤੌਰ ਤੇ ਮਜ਼ਬੂਤ ਜ਼ਿਲ੍ਹਾ ਕਾਨਪੁਰ ਮਹਾਂਨਗਰ ਇਨ੍ਹੀਂ ਦਿਨੀਂ ਆਵਾਰਾ ਕੁੱਤਿਆਂ ਦੀ ਪਕੜ ਵਿੱਚ ਹੈ। ਸ਼ਹਿਰ ਵਿੱਚ ਮੌਤ ਵਾਂਗ ਘੁੰਮ ਰਹੇ ਇਹ ਆਵਾਰਾ ਕੁੱਤੇ ਪਿਛਲੇ 5 ਸਾਲਾਂ ਵਿੱਚ ਬਹੁਤ ਸਾਰੇ ਲੋਕਾਂ ਦੀ ਬੇਵਕਤੀ ਮੌਤ ਦਾ ਕਾਰਨ ਬਣ ਗਏ ਹਨ। ਕਈ ਜ਼ਖਮੀ ਲੋਕ ਅਪਾਹਜ ਹਾਲਾਤਾਂ ਵਿੱਚੋਂ ਵੀ ਗੁਜ਼ਰ ਰਹੇ ਹਨ। ਇਨ੍ਹਾਂ ਹੀ ਆਵਾਰਾ ਕੁੱਤਿਆਂ ਨੇ ਇੱਕ ਯੋਗਾ ਅਧਿਆਪਕ ਨੂੰ ਵੀ ਮਾਰ ਦਿੱਤਾ। ਉਹ 19 ਫਰਵਰੀ ਨੂੰ ਆਪਣੀ 35ਵੀਂ ਵਿਆਹ ਦੀ ਵਰ੍ਹੇਗੰਢ ਮਨਾਉਣ ਜਾ ਰਹੀ ਸੀ ਅਤੇ 2 ਫਰਵਰੀ ਨੂੰ ਮਹਾਂਕੁੰਭ ਇਸ਼ਨਾਨ ਕਰਨ ਲਈ ਪ੍ਰਯਾਗਰਾਜ ਵੀ ਜਾ ਰਹੀ ਸੀ। ਇਸ ਘਟਨਾ ਤੋਂ ਬਾਅਦ ਉਸਦੇ ਪਰਿਵਾਰ ਵਿੱਚ ਹਫੜਾ-ਦਫੜੀ ਮਚ ਗਈ। ਕਾਕਾਦੇਵ ਥਾਣਾ ਖੇਤਰ ਵਿੱਚ ਵਾਪਰੀ ਇਸ ਘਟਨਾ ਬਾਰੇ ਮਿਲੀ ਜਾਣਕਾਰੀ ਦੇ ਅਨੁਸਾਰ, ਸੁਰੇਸ਼ ਯਾਦਵ ਦੀ ਪਤਨੀ ਅੰਨਪੂਰਨਾ ਦੇਵੀ (56), ਜੋ ਕਿ ਬੜਾ-1 ਜ਼ੈੱਡ-1 ਬਲਾਕ ਦੀ ਵਸਨੀਕ ਸੀ, ਇੱਕ ਯੋਗਾ ਅਧਿਆਪਕਾ ਸੀ। ਉਹ ਘਰ-ਘਰ ਜਾ ਕੇ ਯੋਗਾ ਸਿਖਾਉਂਦੀ ਸੀ। ਪਰਿਵਾਰਕ ਮੈਂਬਰਾਂ ਨੇ ਮੌਕੇ ਤੇ ਪਹੁੰਚੀ ਪੁਲਿਸ ਨੂੰ ਦੱਸਿਆ ਕਿ ਘਟਨਾ ਦੇ ਸਮੇਂ ਯੋਗਾ ਅਧਿਆਪਕਾ ਅੰਨਪੂਰਨਾ ਦੇਵੀ ਕਾਕਾਦੇਵ ਥਾਣਾ ਖੇਤਰ ਦੇ ਨਵੀਨ ਨਗਰ ਵਿੱਚ ਯੋਗਾ ਸਿਖਾਉਣ ਤੋਂ ਬਾਅਦ ਆਪਣੇ ਸਕੂਟਰ ਤੇ ਘਰ ਵਾਪਸ ਆ ਰਹੀ ਸੀ। ਫਿਰ ਗੁਰੂ ਗੋਬਿੰਦ ਸਿੰਘ ਸਟੇਡੀਅਮ ਨੇੜੇ ਅਵਾਰਾ ਕੁੱਤਿਆਂ ਨੇ ਉਸਦਾ ਪਿੱਛਾ ਕੀਤਾ। ਨਤੀਜੇ ਵਜੋਂ, ਸਕੂਟਰ ਚਲਾਉਂਦੇ ਸਮੇਂ, ਉਹ ਸੰਤੁਲਨ ਗੁਆ ਬੈਠੀ ਅਤੇ ਸੜਕ ਦੇ ਕਿਨਾਰੇ ਖਿੰਡੀਆਂ ਹੋਈਆਂ ਇੱਟਾਂ ਤੇ ਡਿੱਗ ਪਈ। ਹੁੱਕ ਖੁੱਲ੍ਹਣ ਕਾਰਨ ਹੈਲਮੇਟ ਵੀ ਡਿੱਗ ਪਿਆ। ਇਸ ਨਾਲ ਸਿਰ ਵਿੱਚ ਗੰਭੀਰ ਸੱਟ ਲੱਗੀ। ਉੱਥੇ ਮੌਜੂਦ ਹੋਸਟਲ ਦੇ ਵਿਦਿਆਰਥੀ ਉਸਨੂੰ ਨੇੜਲੇ ਪੈਨੇਸੀਆ ਹਸਪਤਾਲ ਲੈ ਗਏ। ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।



ਸੂਚਨਾ ਮਿਲਣ ਤੇ ਕਾਕਾਦੇਵ ਥਾਣਾ ਇੰਚਾਰਜ ਮਨੋਜ ਭਦੌਰੀਆ ਹਸਪਤਾਲ ਪਹੁੰਚੇ। ਔਰਤ ਦੇ ਪਰਸ ਵਿੱਚੋਂ ਬਰਾਮਦ ਹੋਏ ਦਸਤਾਵੇਜ਼ਾਂ ਦੇ ਆਧਾਰ ਤੇ, ਅਧਿਆਪਕਾ ਦੀ ਪਛਾਣ ਕੀਤੀ ਗਈ ਅਤੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਹਸਪਤਾਲ ਬੁਲਾਇਆ ਗਿਆ। ਹਸਪਤਾਲ ਪਹੁੰਚੇ ਪਤੀ ਸੁਰੇਸ਼ ਯਾਦਵ ਨੇ ਕਿਹਾ ਕਿ 19 ਫਰਵਰੀ ਨੂੰ ਸਾਡੇ ਵਿਆਹ ਦੀ 35ਵੀਂ ਵਰ੍ਹੇਗੰਢ ਹੈ। ਉਹ 2 ਫਰਵਰੀ ਨੂੰ ਅੰਨਪੂਰਣਾ ਨਾਲ ਮਹਾਂਕੁੰਭ ਵਿੱਚ ਇਸ਼ਨਾਨ ਕਰਨ ਵੀ ਜਾ ਰਿਹਾ ਸੀ। ਪਰ ਇਸ ਘਟਨਾ ਨੇ ਉਸਨੂੰ ਦੁੱਖ ਦੇ ਸਮੁੰਦਰ ਵਿੱਚ ਧੱਕ ਦਿੱਤਾ ਜਿਸਨੂੰ ਉਹ ਆਪਣੀ ਪੂਰੀ ਜ਼ਿੰਦਗੀ ਨਹੀਂ ਭੁੱਲ ਸਕੇਗਾ। ਜਿਸ ਕਾਰਨ ਪਰਿਵਾਰ

# ਅਯੁੱਧਿਆ ਵਿਖੇ ਸ੍ਰੀ ਰਾਮ ਲੱਲਾ ਜੀ ਦੇ ਪਹਿਲੇ ਮੂਰਤੀ ਸਥਾਪਨਾ ਦੇ ਸੰਬੰਧ ਵਿਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ



ਗਿੱਦੜਬਾਹਾ (ਲੋਕ ਬਾਣੀ)- ਗਿੱਦੜਬਾਹਾ ਦੀਆਂ ਧਾਰਮਿਕ, ਸਮਾਜਿਕ ਸੰਸਥਾਵਾਂ ਅਤੇ ਸ਼ਹਿਰ ਵਾਸੀਆਂ ਵੱਲੋਂ ਅਯੋਧਿਆ ਵਿਖੇ ਸ੍ਰੀ ਰਾਮ ਲੱਲਾ ਜੀ ਦੇ ਪਹਿਲੇ ਮੂਰਤੀ ਸਥਾਪਨਾ ਦੇ ਸੰਬੰਧ ਵਿੱਚ ਅੱਜ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਹ ਸ਼ੋਭਾ ਯਾਤਰਾ ਪ੍ਰਾਚੀਨ ਸ੍ਰੀ ਗਊਸ਼ਾਲਾ ਮੰਦਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚੋਂ ਹੁੰਦੀ ਹੋਈ ਪ੍ਰਾਚੀਨ ਸ੍ਰੀ ਦੁਰਗਾ ਮੰਦਿਰ ਵਿਖੇ ਪੁੱਜ ਕੇ ਸਮਾਪਤ ਹੋਈ। ਸ਼ਹਿਰ ਵਾਸੀਆਂ ਵੱਲੋਂ ਸ਼ੋਭਾ ਯਾਤਰਾ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਯਾਤਰਾ ਵਿਚ ਸ਼ਾਮਿਲ ਸ਼ਰਧਾਲੂਆਂ ਲਈ ਜਗ੍ਹਾ ਜਗ੍ਹਾ ਤੇ ਸਵਾਗਤੀ ਗੇਟ ਅਤੇ ਲੰਗਰ,ਚਾਹ ਪਾਣੀ ਆਦਿ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਵਨੀਤ ਜਿੰਦਲ ਮੋਂਟੀ, ਪ੍ਰਧਾਨ ਆੜ੍ਹਤੀਆ ਐਸ਼ੋਸੀਏਸ਼ਨ ਗਿੱਦੜਬਾਹਾ, ਨਰਿੰਦਰ ਮੁੰਜਾਲ ਬਿੰਟਾਂ ਅਰੋੜਾ ਪ੍ਰਧਾਨ ਨਗਰ ਕੌਂਸਲ, ਦੀਪਕ ਗਰਗ ਕੋਸਲਰ ਕਾਂਗਰਸੀ ਆਗੂ, ਮੁਕੇਸ਼ ਗੋਇਲ, ਪੁਨੀਤ ਕਟਾਰੀਆ ਪੁੰਨੂ, ਕਰਮੇਸ ਅਰੋੜਾ, ਸੰਦੀਪ ਅਰੋੜਾ ਲੱਡੂ,ਕੁੰਜ ਬਿਹਾਰੀ ਬਾਂਸਲ,ਨਵੀ ਬਾਂਸਲ, ਮਨੋਜ਼ ਗਰਗ, ਗੋਪਾਲ ਗੋਇਲ, ਨਵਨੀਤ ਬਾਂਸਲ ਜੀ ਐਨ ਆਰ, ਮਹਿੰਦਰ ਕਟਾਰੀਆ,ਦੇਵਕੀ ਨੰਦਨ, ਕਿਸ਼ੋਰ ਕਿਰਾੜ, ਨਰਿੰਦਰ ਗੁੰਬਰ,ਤਿਲਕ ਪਪਨੇਜਾ,ਜਨਾਰਦਨ ਬਾਂਸਲ, ਅਜੀਤ ਸ਼ਰਮਾ,ਬਾਬੂ ਰਾਮ ਮਾਰਬਲ, ਯੋਗੇਸ਼ ਬਾਂਸਲ,ਨਿਸੇਸ ਗੋਇਲ, ਹਰਦੇਵ ਗਰਗ, ਸ਼ਾਮ ਸੁੰਦਰ ਅਤੇ ਪੁਨੀਤ ਗਰਗ ਆਦਿ ਵੀ ਹਾਜ਼ਰ ਸਨ।

# ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਵਲੋਂ ਖਰੜ ਵਿਖੇ ਨਿਰਮਾਣ ਅਧੀਨ ਸ਼੍ਰੀ ਰਾਮ ਮੰਦਰ ਦਾ ਕੀਤਾ ਦੌਰਾ





ਖਰੜ, ( ਕਾਲਾ ਸਿੰਘ ਸੈਣੀ )- ਰਾਜ ਸਭਾ ਮੈਂਬਰ ਅਤੇ ਚੰਡੀਗੜ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਵੱਲੋਂ ਖਰੜ ਵਿਖੇ ਮਹਾਰਾਜਾ ਅੱਜ ਸਰੋਵਰ ਵਿਖੇ ਨਿਰਮਾਣ ਅਧੀਨ ਸ੍ਰੀ ਰਾਮ ਮੰਦਰ ਦਾ ਦੌਰਾ ਕਰਨ ਲਈ ਵਿਸ਼ੇਸ਼ ਤੌਰ ’ਤੇ ਸਿਰਕਤ ਕੀਤੀ। ਇੱਥੇ ਪਹੁੰਚਣ ’ਤੇ ਉਨਾਂ ਦਾ ਸ਼ਹਿਰ ਨਿਵਾਸੀਆਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਉਨਾਂ ਰਾਮ ਭਵਨ ਵਿਖੇ ਗੱਲਬਾਤ ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦਾ ਸੁਪਨਾ ਦੇਸ਼ ਨੂੰ 2047 ਤੱਕ ਇਕ ਵਿਕਸਿਤ ਦੇਸ਼ ਬਣਾਉਣਾ ਹੈ ਤਾਂ ਜੋ ਆਜਾਦੀ ਦੇ 100 ਸਾਲ ਬਾਅਦ ਦੇਸ਼ ਦੇ ਲੋਕ ਵਿਕਸਿਤ ਦੇਸ਼ ਦਾ ਜਸ਼ਨ ਮਨਾ ਸਕਣ। ਮੈਂਬਰ ਪਾਰਲੀਮੈਂਟ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਦੀ ਆਜਾਦੀ ਤੋਂ ਬਾਅਦ ਪਹਿਲੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਨੇ ਅਜਿਹਾ ਸੁਪਨਾ ਲਿਆ ਹੈ ਅਤੇ ਲੋਕਾਂ ਨੂੰ ਵੀ ਇਸ ਸੁਪਨੇ ਸਬੰਧੀ ਜਾਗਰੂਕ ਕੀਤਾ ਹੈ ਕਿ ਸਾਡੇ ਤੋਂ ਪਿੱਛੋਂ ਆਜ਼ਾਦ ਹੋਣ ਵਾਲੇ ਦੇਸ਼ ਵੀ ਵਿਕਸਿਤ ਦੇਸ਼ ਬਣ ਗਏ ਅਤੇ ਸਾਡਾ ਦੇਸ਼ ਕਿਉਂ ਨਹੀਂ ਵਿਕਸਿਤ ਦੇਸ਼ ਬਣ ਸਕਿਆ। ਉਨਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਵਿਕਸਿਤ ਦੇਸ਼ ਦਾ ਸੁਪਨਾ ਹੀ ਨਹੀਂ ਦਿਖਾਇਆ ਸਗੋਂ ਦੇਸ਼ ਨੂੰ ਵਿਕਸਿਤ ਬਣਾਉਣ ਲਈ ਇੱਕ ਰੋਡ ਮੈਪ ਵੀ ਤਿਆਰ ਕੀਤਾ ਹੈ। ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਵਿਰਾਸਤ ਨੂੰ ਸੰਭਾਲਣ ਦੇ ਲਈ ਦੇਸ਼ ਦੇ ਵਿੱਚ ਮਿਸ਼ਾਲੀ ਕੰਮ ਕੀਤੇ ਹਨ ਅਤੇ ਉਨਾਂ ਹਰ ਧਰਮ ਦੇ ਲੋਕਾਂ ਦੀ ਵਿਰਾਸਤ ਨੂੰ ਬਚਾਉਣ ਲਈ ਕੰਮ ਕੀਤੇ ਹਨ। ਉਨਾਂ ਕਿਹਾ ਕਿ ਅਯੁਧਿਆ ਵਿਚ ਰਾਮ ਮੰਦਰ ਦਾ ਨਿਰਮਾਣ ਕਰਵਾ ਕੇ ਪ੍ਰਧਾਨ ਮੰਤਰੀ ਮੋਦੀ ਨੇ ਇਤਿਹਾਸ ਦੇ ਵਿੱਚ ਸਭ ਤੋਂ ਵੱਡਾ ਕੰਮ ਕੀਤਾ ਹੈ। ਉਨਾਂ ਕਿਹਾ ਕਿ ਖਰੜ ਵਿਚਲਾ ਮਹਾਰਾਜਾ ਅੱਜ ਸਰੋਵਰ ਸਨਾਤਨ ਧਰਮ ਦੀ ਬਹੁਤ ਵੱਡੀ ਵਿਰਾਸਤ ਹੈ ਅਤੇ ਇਸ ਵਿਰਾਸਤ ਨੂੰ ਸੰਭਾਲਣ ਲਈ ਸਾਥੀਆਂ ਨਾਲ ਮਿਲ ਕੇ ਇਸ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਉਨਾਂ ਕਿਹਾ ਕਿ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਇਸ ਜਗਾ ਸ੍ਰੀ ਰਾਮ ਮੰਦਰ ਦਾ ਨਿਰਮਾਣ ਹੋ ਰਿਹਾ ਹੈ ਅਤੇ ਅਸੀਂ ਸਾਰੇ ਮਿਲ ਕੇ ਇਸ ਸਥਾਨ ਨੂੰ ਵਧੀਆ ਢੰਗ ਨਾਲ ਬਣਾਉਣ ਦੀ ਕੋਸ਼ਿਸ਼ ਕਰਾਂਗੇ ਕਿਉਂਕਿ ਇਹ ਰਾਸ਼ਟਰੀ ਨਹੀਂ ਅੰਤਰਰਾਸ਼ਟਰੀ ਪੱਧਰ ਦਾ ਧਾਰਮਿਕ ਸਥਾਨ ਹੈ। ਉਹਨਾਂ ਕਿਹਾ ਕਿ ਭਾਰਤ ਸਰਕਾਰ ਦੀਆਂ ਬਹੁਤ ਸਾਰੀਆਂ ਯੋਜਨਾਵਾਂ ਹਨ ਜਿਨਾਂ ਦੇ ਵਿੱਚ ਆਪਣੀ ਵਿਰਾਸਤ ਨੂੰ ਸੰਭਾਲਣ ਦੇ ਲਈ ਸਕੀਮਾਂ ਜਾਰੀ ਕੀਤੀਆਂ ਗਈਆਂ ਹਨ। ਉਨਾਂ ਕਿਹਾ ਕਿ ਇਸ ਵਾਰ ਵੀ ਉਨਾਂ ਵੱਲੋਂ ਭਗਵਾਨ ਸ੍ਰੀ ਰਾਮ ਚੰਦਰ ਜੀ ਦੀ ਪ੍ਰਾਣ ਪ੍ਰਤਿਸ਼ਠਾ ਦੀ ਵਰੇਗੰਡ ਵਿਦੇਸ਼ ਵਿੱਚ ਜਾ ਕੇ ਮਨਾਈ ਜਾਵੇਗੀ ਤਾਂ ਜੋ ਬਾਹਰਲੇ ਦੇਸ਼ਾਂ ਵਿੱਚ ਬੈਠੇ ਸਨਾਤਨੀਆਂ ਨੂੰ ਨਾਲ ਜੋੜਿਆ ਜਾ ਸਕੇ। ਉਨਾਂ ਕਿਹਾ ਕਿ ਦੁਨੀਆਂ ਵਿੱਚ ਬੈਠੇ ਸਨਾਤਨੀ ਪਹਿਲਾਂ ਦਬੇ ਹੋਏ ਸੀ ਉਨਾਂ ਦੀ ਕੋਈ ਪਹਿਚਾਣ ਨਹੀਂ ਸੀ ਪਰ ਹੁਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾ ਸਦਕਾ ਪੂਰੀ ਦੁਨੀਆਂ ਦੇ ਵਿੱਚ ਸਨਾਤਨ ਦੀ ਜੈ ਜੈਕਾਰ ਹੈ। ਉਨਾਂ ਮਹਾਰਾਜਾ ਅੱਜ ਸਰੋਵਰ ਦੀ ਰਾਮ ਮੰਦਿਰ ਕਮੇਟੀ ਨੂੰ ਭਰੋਸਾ ਦਵਾਇਆ ਕਿ ਉਹ ਉਨਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਅਤੇ ਮੰਦਰ ਦੇ ਨਿਰਮਾਣ ਦੇ ਲਈ ਜੋ ਵੀ ਡਿਊਟੀ ਕਮੇਟੀ ਵੱਲੋਂ ਲਗਾਈ ਜਾਵੇਗੀ ਉਹ ਉਸ ਤੇ ਕੰਮ ਕਰਨਗੇ। ਇਸ ਮੌਕੇ ਪ੍ਰਧਾਨ ਸ਼ਸ਼ੀ ਪਾਲ ਜੈਨ, ਆਈ.ਏ.ਐਸ. ਲਲਿਤ ਜੈਨ, ਕਮਲਦੀਪ ਸਿੰਘ ਟਿਵਾਣਾ, ਪ੍ਰਿੰਸੀਪਲ ਜਤਿੰਦਰ ਗੁਪਤਾ, ਹਰਿੰਦਰ ਪਾਲ ਸਿੰਘ, ਪਰਵਿੰਦਰ ਸਿੰਘ ਸੈਣੀ,ਅਸ਼ੋਕ ਕੁਮਾਰ ਪ੍ਰਧਾਨ ਵਪਾਰ ਮੰਡਲ ਖਰੜ, ਕਾਰਜ ਸਾਧਕ ਅਫਸਰ ਰਵੀ ਕੁਮਾਰ ਜਿੰਦਲ, ਸੈਂਨਟਰੀ ਇੰਸਪੈਕਟਰ ਹਰਦਰਸ਼ਨ ਸਿੰਘ ਖੱਟੜਾ, ਐਡਵੋਕੇਟ ਜੇ.ਪੀ. ਧੀਮਾਨ, ਯਸ਼ਪਾਲ ਬੰਸਲ, ਰਾਜਿੰਦਰ ਅਰੋੜਾ, ਬਲਜਿੰਦਰ ਔਜਲਾ, ਨਿਤਿਨ ਗਰਗ, ਨਰਿੰਦਰ ਰਾਣਾ, ਹਿੰਮਤ ਸਿੰਘ, ਐਡਵੋਕੇਟ ਵਿਕਾਸ ਸ਼ੁਕਲਾ, ਸੁਭਾਸ਼ ਅਗਰਵਾਲ, ਕਮਲ ਕਿਸ਼ੋਰ ਸ਼ਰਮਾ, ਦਰਸ਼ਨ ਸਿੰਘ, ਐਡਵੋਕੇਟ ਦੀਪਕ ਸ਼ਰਮਾ ਪ੍ਰਧਾਨ ਬਾਰ ਕੌਂਸਲ, ਅਰੁਣ ਕੁਮਾਰ, ਸੁਖਵਿੰਦਰ ਸਿੰਘ ਲੌਂਗੀਆ, ਜੀਤ ਸਿੰਘ ਲੌਂਗੀਆ, ਵਿਨੋਦ ਕੁਮਾਰ, ਸਮੇਤ ਵੱਡੀ ਗਿਣਤੀ ਦੇ ਵਿੱਚ ਸ਼ਹਿਰ ਨਿਵਾਸੀ ਹਾਜ਼ਰ ਸਨ।

# ਡਾ. ਅਜੈ ਸ਼ਰਮਾ ਦਾ ਨਾਵਲ ਖੇਲੈ ਸਗਲ ਜਗਤ ਵੱਡੇ ਪੱਧਰ ਤੇ ਆਨਲਾਈਨ ਲਾਂਚ ਕੀਤਾ ਗਿਆ




ਚੰਡੀਗੜ੍ਹ, (ਲੋਕ ਬਾਣੀ) ਅਖਿਲ ਭਾਰਤੀਯ ਸਾਹਿਤ ਪ੍ਰੀਸ਼ਦ ਪੰਜਾਬ ਇਕਾਈ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਸੁਨੀਲ ਕੁਮਾਰ ਨੇ ਮੰਗਲਵਾਰ ਦੇਰ ਸ਼ਾਮ ਨੂੰ ਡਾ. ਅਜੈ ਸ਼ਰਮਾ ਦੇ ਨਾਵਲ ਖੇਲੈ ਸਗਲ ਜਗਤ ਦਾ ਆਨਲਾਈਨ ਲਾਂਚ ਰਸਮੀ ਤੌਰ ਤੇ ਕੀਤਾ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਅੰਤਰਰਾਸ਼ਟਰੀ ਕਾਰਜਕਾਰੀ ਪ੍ਰਧਾਨ ਆਲੋਕ ਕੁਮਾਰ ਸਨ ਜਦੋਂ ਕਿ ਇਸ ਦੀ ਪ੍ਰਧਾਨਗੀ ਪ੍ਰੋ. ਬਲਵੰਤ ਜਾਨੀ ਨੇ ਕੀਤੀ।ਪ੍ਰੋਗਰਾਮ ਵਿੱਚ ਆਪਣੇ ਵਿਚਾਰ ਪ੍ਰਗਟ ਕਰਨ ਵਾਲਿਆਂ ਵਿੱਚ ਪ੍ਰੋਫੈਸਰ ਸੁਨੀਲ ਕੁਮਾਰ, ਡਾ. ਨੀਲਮ ਰਾਠੀ, ਮਨੋਜ ਕੁਮਾਰ, ਵੰਦਨਾ ਵਾਜਪਾਈ, ਵਿਨੋਦ ਬੱਬਰ, ਡਾ. ਪਾਨ ਸਿੰਘ ਅਤੇ ਡਾ. ਵਿਨੋਦ ਕੁਮਾਰ ਸ਼ਾਮਲ ਸਨ। ਡਾ. ਪੂਨਮ ਮਹਾਜਨ ਨੇ ਸਟੇਜ ਦੀ ਕਾਰਵਾਈ ਬਹੁਤ ਵਧੀਆ ਢੰਗ ਨਾਲ ਚਲਾਈ। ਡਾ. ਵਿਨੋਦ ਕੁਮਾਰ ਨੇ ਕਿਹਾ ਕਿ ਡਾ. ਅਜੇ ਸ਼ਰਮਾ ਕੋਲ ਕਹਾਣੀ ਸੁਣਾਉਣ ਦੀ ਬਹੁਤ ਵਧੀਆ ਕਲਾ ਹੈ। ਨਾਵਲਕਾਰ ਆਪਣੀਆਂ ਕਹਾਣੀਆਂ ਰਾਹੀਂ ਆਪਣੇ ਨਾਵਲਾਂ ਵਿੱਚ ਸਭ ਤੋਂ ਵੱਡੀਆਂ ਸਮੱਸਿਆਵਾਂ ਨੂੰ ਦਰਸਾਉਣ ਵਿੱਚ ਮਾਹਰ ਹੈ। ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਾਬਕਾ ਸਕੱਤਰ ਪ੍ਰੇਮ ਵਿਜ ਨੇ ਕਿਹਾ ਕਿ ਇਹ ਨਾਵਲ ਪੰਜਾਬ ਦੇ ਪਰਿਵੇਸ਼, ਸੱਭਿਆਚਾਰ, ਤਿਉਹਾਰਾਂ, ਲੋਕ ਗੀਤਾਂ ਅਤੇ ਭਾਸ਼ਾ ਨੂੰ ਦਰਸਾਉਂਦਾ ਹੈ। ਕਹਾਣੀ ਦਿਲਚਸਪੀ ਨਾਲ ਭਰਪੂਰ ਹੈ।

# 26 ਜਨਵਰੀ ਨੂੰ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ

ਗੁਰਦਾਸਪੁਰ-ਨਵਨੀਤ ਕੁਮਾਰ-

26 ਜਨਵਰੀ ਨੂੰ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ, ਗੁਰਦਾਸਪੁਰ ਵਿਖੇ 76ਵਾਂ ਗਣਤੰਤਰ ਦਿਵਸ ਸਮਾਗਮ ਪੂਰੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਗਣਤੰਤਰ ਦਿਵਸ ਦੀਆਂ ਤਿਆਰੀਆਂ ਸਬੰਧੀ ਇੱਕ ਅਹਿਮ ਮੀਟਿੰਗ ਕੀਤੀ ਗਈ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵਿਭਾਗ ਗਣਤੰਤਰ ਦਿਵਸ ਸਮਾਗਮ ਨੂੰ ਸਫਲ ਬਣਾਉਣ ਲਈ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਇਸ ਕੌਮੀ ਤਿਉਹਾਰ ਮੌਕੇ ਸ਼ਹਿਰਾਂ ਦੀ ਸਾਫ਼-ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਕੁਲਦੀਪ ਸਿੰਘ ਧਾਲੀਵਾਲ ਸ਼ਾਮਿਲ ਹੋਣਗੇ, ਜਿਨ੍ਹਾਂ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੌਮੀ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਪੰਜਾਬ ਪੁਲਿਸ ਦੇ ਜਵਾਨਾਂ, ਪੰਜਾਬ ਪੁਲਿਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ, ਐੱਨ. ਸੀ.ਸੀ. ਕੈਡਿਟਸ ਅਤੇ ਸਕੂਲੀ ਵਿਦਿਆਰਥੀਆਂ ਦੀਆਂ ਬੈਂਡ ਟੀਮਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਜਾਵੇਗਾ। ਇਸ ਤੋਂ ਬਾਅਦ ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਨੂੰ ਦਰਸਾਉਂਦੀਆਂ ਝਾਕੀਆਂ ਪੇਸ਼ ਕੀਤੀਆਂ ਜਾਣਗੀਆਂ।

ਰੋਜ਼ਾਨਾ ਲੋਕ ਬਾਣੀ www.lokbani

ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਗਣਤੰਤਰ ਦਿਵਸ ਸਮਾਗਮ ਵਿੱਚ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਪੰਜਾਬ ਦੇ ਸਭਿਆਚਾਰ ਨਾਲ ਲਬਰੇਜ਼ ਸ਼ਾਨਦਾਰ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਸਮਾਗਮ ਦੌਰਾਨ ਵੀਰ ਨਾਰੀਆਂ, ਸੁਤੰਤਰਤਾ ਸੈਨਾਨੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਣਤੰਤਰ ਦਿਵਸ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਸਮੂਹ ਸਰਕਾਰੀ ਵਿੱਚ ਕੌਮੀ ਝੰਡਾ ਲਹਿਰਾਇਆ ਜਾਵੇਗਾ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸ਼ਹਿਰਾਂ ਵਿਚਲੇ ਚੌਂਕਾਂ ਅਤੇ ਸਰਕਾਰੀ ਇਮਾਰਤਾਂ ਨੂੰ ਸਜਾਇਆ ਜਾਵੇਗਾ ਅਤੇ 25 ਤੇ 26 ਜਨਵਰੀ ਦੀ ਰਾਤ ਨੂੰ ਉਨ੍ਹਾਂ ਦੀ ਲਾਈਟਿੰਗ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਕਾਰੋਬਾਰੀ ਥਾਵਾਂ ਉੱਪਰ ਗਣਤੰਤਰ ਦਿਵਸ ਮੌਕੇ ਕੌਮੀ ਝੰਡੇ ਲਹਿਰਾਉਣ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਹੋਣ ਵਾਲੇ ਕਲਚਰਲ ਪ੍ਰੋਗਰਾਮ ਅਤੇ ਪਰੇਡ ਦੀ ਰਿਹਰਸਲ 17, 21 ਅਤੇ 23 ਜਨਵਰੀ ਨੂੰ ਹੋਵੇਗੀ, ਜਦਕਿ ਫੁੱਲ ਡਰੈੱਸ ਰਿਹਰਸਲ 24 ਜਨਵਰੀ ਨੂੰ ਹੋਵੇਗੀ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ 26 ਜਨਵਰੀ ਨੂੰ ਆਪਣੇ ਵਿਭਾਗ ਨਾਲ ਸਬੰਧਿਤ ਸਮੂਹ ਮੁਲਾਜ਼ਮਾਂ ਦੀ ਹਾਜ਼ਰੀ ਨੂੰ ਵੀ ਯਕੀਨੀ ਬਣਾਉਣ। ਮੀਟਿੰਗ ਦੌਰਾਨ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਹਰਜਿੰਦਰ ਸਿੰਘ, ਐੱਸ.ਪੀ. ਜੁਗਰਾਜ ਸਿੰਘ ਸਮੇਤ ਸਮੂਹ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਨਵੀਂ ਵਿਆਹੀ ਜੋੜੀ ਨੂੰ ਵਿਆਹ ਤੇ ਵਧਾਈ




ਨਵਲਪ੍ਰੀਤ ਸਿੰਘ ਸੰਨੀ ਪੁੱਤਰ ਸਰਦਾਰ ਰਣਧੀਰ ਸਿੰਘ (ਆਸਟਰੇਲੀਆ ਵਾਲੇ) ਅਤੇ ਨਮਰਤਾ ਮੋਹਨ ਦੀ ਨਵੀਂ ਵਿਆਹੀ ਜੋੜੀ ਨੂੰ ਮਾਮਾ ਅਰਵਿੰਦਰ ਵੜੈਚ,ਮਾਮੀ ਲਵਲੀਨ ਵੜੈਚ ਸਮੇਤ ਪੂਰੇ ਵੜੈਚ ਪਰਿਵਾਰ ਵੱਲੋਂ ਲੱਖ ਲੱਖ ਵਧਾਈ

# ਸੰਸਦ ਮੈਂਬਰ ਸੰਜੀਵ ਅਰੋੜਾ ਨੇ ਐਨਐਚਏਆਈ ਦੇ ਚੇਅਰਮੈਨ ਨਾਲ ਮੁਲਾਕਾਤ ਕੀਤੀ: ਬਹਾਦਰ ਕੇ ਇੰਡਸਟਰੀਅਲ ਏਰੀਆ, ਲੁਧਿਆਣਾ ਵਿੱਚ ਵੀਯੂਪੀ, ਦੱਖਣੀ ਬਾਈਪਾਸ ਅਤੇ ਏਜੰਡੇ ਤੇ ਹੋਰ ਮੁੱਦੇ

ਲੁਧਿਆਣਾ, , (ਸੁਖਚੈਨ ਮਹਿਰਾ, ਨਰੇਸ਼ ਹੰਸ )ਸੰਸਦ ਮੈਂਬਰ ਸੰਜੀਵ ਅਰੋੜਾ ਨੇ ਨਵੀਂ ਦਿੱਲੀ ਵਿੱਚ ਚੇਅਰਮੈਨ ਨੈਸ਼ਨਲ ਹਾਈਵੇਅਜ਼ ਅਥਾਰਟੀ ਆਫ਼ ਇੰਡੀਆ (ਐਨਐਚਏਆਈ) ਸੰਤੋਸ਼ ਕੁਮਾਰ ਯਾਦਵ ਨਾਲ ਇੱਕ ਸਾਰਥਕ ਮੀਟਿੰਗ ਕੀਤੀ ਤਾਂ ਜੋ ਪੰਜਾਬ ਵਿੱਚ ਐਨਐਚਏਆਈ ਪ੍ਰੋਜੈਕਟਾਂ ਨਾਲ ਸਬੰਧਤ ਕਈ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕੀਤਾ ਜਾ ਸਕੇ ਜੋ ਲੁਧਿਆਣਾ ਲਈ ਵਧੇਰੇ ਢੁਕਵੇਂ ਹਨ।

ਮੀਟਿੰਗ ਦੌਰਾਨ, ਐਮਪੀ ਅਰੋੜਾ ਨੇ ਲੁਧਿਆਣਾ-ਰੂਪਨਗਰ ਹਾਈਵੇਅ ਨੂੰ ਬਹਾਦਰ ਕੇ ਰੋਡ ਤੋਂ ਦਾਣਾ ਮੰਡੀ ਤੱਕ ਜੋੜਨ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਇਹ 5 ਕਿਲੋਮੀਟਰ ਲੰਬਾ ਰਸਤਾ ਨਾ ਸਿਰਫ਼ ਮੌਜੂਦਾ ਉਦਯੋਗਾਂ ਨੂੰ ਦਰਪੇਸ਼ ਲੌਜਿਸਟਿਕਸ ਚੁਣੌਤੀਆਂ ਨੂੰ ਘੱਟ ਕਰੇਗਾ ਬਲਕਿ ਬਹਾਦਰ ਕੇ ਰੋਡ ਦੇ ਉਦਯੋਗਿਕ ਖੇਤਰ ਨੂੰ ਇੱਕ ਨਵੀਂ ਜੀਵਨ ਰੇਖਾ ਵੀ ਪ੍ਰਦਾਨ ਕਰੇਗਾ। ਚੇਅਰਮੈਨ ਨੇ ਇਸ ਮੁੱਦੇ ਤੇ ਤੁਰੰਤ ਵਿਵਹਾਰਕਤਾ ਅਤੇ ਤਕਨੀਕੀ ਰਿਪੋਰਟ ਦੇਣ ਦਾ ਵਾਅਦਾ ਕੀਤਾ ਹੈ।

ਐਮ.ਪੀ. ਅਰੋੜਾ ਨੇ ਚੇਅਰਮੈਨ ਨੂੰ ਕੈਲਾਸ਼ ਨਗਰ, ਜੱਸੀਆਂ ਰੋਡ ਅਤੇ ਜਲੰਧਰ ਬਾਈਪਾਸ ਤੇ ਵਹਿਕਲ ਅੰਡਰਪਾਸ (ਵੀ.ਯੂ.ਪੀ.) ਦੇ ਨਿਰਮਾਣ ਵਿੱਚ ਤੇਜ਼ੀ ਲਿਆਉਣ ਦੀ ਵੀ ਅਪੀਲ ਕੀਤੀ। ਜਵਾਬ ਵਿੱਚ, ਚੇਅਰਮੈਨ ਨੇ ਤੁਰੰਤ ਆਰਓ ਪੰਜਾਬ ਵਿਪਨੇਸ਼ ਸ਼ਰਮਾ ਨਾਲ ਸੰਪਰਕ ਕੀਤਾ ਅਤੇ ਉਨ੍ਹਾਂ ਨੂੰ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।

ਇਸ ਤੋਂ ਇਲਾਵਾ, ਐਮ.ਪੀ. ਅਰੋੜਾ ਨੇ ਲੁਧਿਆਣਾ ਵਿੱਚ ਢੰਡਾਰੀ ਰੇਲਵੇ ਸਟੇਸ਼ਨ ਤੋਂ ਐਨ.ਐਚ. 44 ਪਾਰ ਕਰਨ ਵਾਲੀ ਵੀ.ਯੂ.ਪੀ. ਦੀ ਉਸਾਰੀ ਲਈ ਬੇਨਤੀ ਕੀਤੀ। ਇਸ ਪਹਿਲ ਦਾ ਉਦੇਸ਼ ਨੇੜਲੇ ਉਦਯੋਗਿਕ ਖੇਤਰ ਤੋਂ ਭਾਰੀ ਮਾਤਰਾ ਵਿੱਚ ਮਾਲ ਦੀ ਆਵਾਜਾਈ ਦਾ ਪ੍ਰਬੰਧਨ ਕਰਨਾ ਅਤੇ ਪੈਦਲ ਚੱਲਣ ਵਾਲਿਆਂ ਅਤੇ ਹੋਰ ਯਾਤਰੀਆਂ ਦੀ ਆਵਾਜਾਈ ਨੂੰ ਸੁਵਿਧਾਜਨਕ ਬਣਾਉਣਾ ਹੈ। ਚੇਅਰਮੈਨ ਨੇ ਤੁਰੰਤ ਇਸ ਮਾਮਲੇ ਤੇ ਆਰਓ ਪੰਜਾਬ ਨਾਲ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਅਗਲੀ ਕਾਰਵਾਈ ਲਈ ਇਸਦਾ ਅਧਿਐਨ ਕਰਨ ਦੇ ਨਿਰਦੇਸ਼ ਦਿੱਤੇ।

ਐਮਪੀ ਅਰੋੜਾ ਨੇ ਐਨਐਚਏਆਈ ਦੇ ਦੱਖਣੀ ਬਾਈਪਾਸ ਲਈ ਪ੍ਰਾਪਤੀ ਅਧੀਨ 2.2 ਕਿਲੋਮੀਟਰ ਹਿੱਸੇ (9.96 ਹੈਕਟੇਅਰ) ਦਾ ਮੁੱਦਾ ਵੀ ਉਠਾਇਆ, ਜਿਸ ਲਈ ਕਬਜ਼ੇ ਦਾ ਮਾਮਲਾ ਲੰਬਿਤ ਹੈ। ਚੇਅਰਮੈਨ ਨੇ ਇਸ ਮਾਮਲੇ ਵਿੱਚ ਕੁਝ ਹੱਲ ਦਾ ਭਰੋਸਾ ਦਿੱਤਾ। ਚੇਅਰਮੈਨ ਨੇ ਇਸ ਮਾਮਲੇ ਤੇ ਡੀਸੀ ਲੁਧਿਆਣਾ ਨਾਲ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਆਰਓ ਐਨਐਚਏਆਈ, ਪੰਜਾਬ ਨਾਲ ਰੂਪ-ਰੇਖਾ ਤਿਆਰ ਕਰਨ ਲਈ ਕਿਹਾ।

ਰੋਜ਼ਾਨਾ ਲੋਕ ਬਾਣੀ www.lokbani

ਚੇਅਰਮੈਨ ਨੇ ਭਰੋਸਾ ਦਿੱਤਾ ਕਿ ਜ਼ੀਰਕਪੁਰ ਅਤੇ ਸਰਹਿੰਦ ਸਮੇਤ ਐਨਐਚਏਆਈ ਦੇ ਕਈ ਹੋਰ ਪ੍ਰੋਜੈਕਟ ਪਾਈਪਲਾਈਨ ਵਿੱਚ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਐਨਐਚਏਆਈ ਪ੍ਰੋਜੈਕਟਾਂ ਲਈ ਪਹਿਲਾਂ ਨਾਲੋਂ ਬਿਹਤਰ ਜ਼ਮੀਨ ਪ੍ਰਾਪਤੀ ਦੀ ਸ਼ਲਾਘਾ ਕੀਤੀ ਅਤੇ ਰਾਜ ਵਿੱਚ ਵੱਖ-ਵੱਖ ਪ੍ਰੋਜੈਕਟਾਂ ਨੂੰ ਸੁਵਿਧਾਜਨਕ ਬਣਾਉਣ ਅਤੇ ਰੁਕਾਵਟਾਂ ਨੂੰ ਦੂਰ ਕਰਨ ਵਿੱਚ ਐਨਐਚਏਆਈ ਦੀ ਮਦਦ ਕਰਨ ਲਈ ਐਮ.ਪੀ. ਅਰੋੜਾ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਐਮ.ਪੀ. ਅਰੋੜਾ ਨੇ ਚੇਅਰਮੈਨ ਨੂੰ ਪੰਜਾਬ ਦੇ ਵਿਕਾਸ ਲਈ ਸੂਬਾ ਪੱਧਰ ਤੇ ਆਪਣੇ ਨਿਰੰਤਰ ਸਮਰਥਨ ਦਾ ਭਰੋਸਾ ਦਿੱਤਾ।



SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
/stsoldiergroup
www.stsoldiergroup.com
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565